


ਸੱਚ ਤੇ ਨਿਡਰ ਆਵਾਜ਼
ਰੋਜ਼ਾਨਾ
# ਲੋਕ ਬਾਣੀ
DAILY LOKBANI JALANDHAR
ਮੁੱਖ ਸੰਪਾਦਕ : ਅਮਨਦੀਪ ਮਹਿਰਾ
ਬੁੱਧਵਾਰ, 11 ਦਸੰਬਰ 2024
Email:- lokbani08@gmail.com





R. N. I. Punpun/29016/2008 ✶ ਸਾਲ 16 , ✶ ਅੰਕ : 121, ✶ ਮੁੱਲ : 6 ਰੁਪਏ ✶ ਕੁੱਲ ਪੇਜ: 10 ✶ ਦਫਤਰ : 0181-2211009 ✶ M : 99155-94111




## ਪੂਤਿਨ ਨਾਲ ਭਾਰਤ ਦੇ ਵੱਡੇ ਨੇਤਾ ਨੇ ਕੀਤੀ ਮੁਲਾਕਾਤ

ਮਾਸਕੋ, ਲੋਕ ਬਾਣੀ-ਭਾਰਤ ਦੇ ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਅੱਜ ਮਾਸਕੋ ਵਿੱਚ ਰੂਸ ਦੇ ਰਾਸ਼ਟਰਪਤੀ ਵਲਾਦੀਮੀਰ ਪੂਤਿਨ ਨਾਲ ਮੁਲਾਕਾਤ ਕੀਤੀ। ਇਸ ਮੁਲਾਕਾਤ ਦੌਰਾਨ ਦੋਵੇਂ ਦੇਸ਼ਾਂ ਦੇ ਰੱਖਿਆ ਸਮਝੌਤਿਆਂ ਬਾਰੇ ਚਰਚਾ ਕੀਤੀ ਗਈ।

ਉਨ੍ਹਾਂ ਰਾਸ਼ਟਰਪਤੀ ਵਲਾਦੀਮੀਰ ਪੂਤਿਨ ਨਾਲ ਮੁਲਾਕਾਤ ਕਰਦਿਆਂ ਕਿਹਾ ਕਿ ਭਾਰਤ-ਰੂਸ ਸਾਂਝੇਦਾਰੀ ਵਿੱਚ ਅਪਾਰ ਸੰਭਾਵਨਾਵਾਂ ਹਨ ਅਤੇ ਸਾਂਝੇ ਯਤਨਾਂ ਨਾਲ ਸ਼ਾਨਦਾਰ ਨਤੀਜਿਆਂ ਲਈ ਰਾਹ ਪੱਧਰਾ ਹੋਵੇਗਾ। ਉਨ੍ਹਾਂ



ਪੂਤਿਨ ਨੂੰ ਦੱਸਿਆ ਕਿ ਭਾਰਤ ਹਮੇਸ਼ਾ ਆਪਣੇ ਰੂਸੀ ਦੋਸਤ ਨਾਲ ਖੜ੍ਹਾ ਹੈ ਅਤੇ ਭਵਿੱਖ ਵਿੱਚ ਵੀ ਡਟ ਕੇ ਖੜ੍ਹੇਗਾ।

## ਬਰਫਬਾਰੀ ਕਾਰਨ ਹਿਮਾਚਲ ਚ ਖ਼ੁਸ਼ੀ ਦੀ ਲਹਿਰ

ਸ਼ਿਮਲਾ, ਲੋਕ ਬਾਣੀ- ਹਿਮਾਚਲ ਪ੍ਰਦੇਸ਼ ਵਿੱਚ ਬਰ.ਫਬਾਰੀ ਹੋਣ ਤੋਂ ਬਾਅਦ ਪੰਜਾਬ, ਚੰਡੀਗੜ੍ਹ ਤੇ ਹਰਿਆਣਾ ਵਿਚ ਠੰਢ ਵਧ ਗਈ ਹੈ। ਇਸ ਕਾਰਨ ਰਾਤਾਂ ਹੋਰ ਠੰਢੀਆਂ ਹੋ ਗਈਆਂ ਹਨ ਤੇ ਘੱਟੋ ਘੱਟ ਤਾਪਮਾਨ ਵਿਚ ਗਿਰਾਵਟ ਦਰਜ ਕੀਤੀ ਗਈ ਹੈ। ਲਾਹੌਲ ਸਪਿਤੀ ਦੇ ਤਾਬੋ 'ਚ ਸਭ ਤੋਂ ਘੱਟ ਤਾਪਮਾਨ ਮਨ.ਫੀ 12.7 ਡਿਗਰੀ ਦਰਜ ਕੀਤਾ ਗਿਆ ਜਦਕਿ ਮਨਾਲੀ 'ਚ ਮਨਫੀ 2.8 ਡਿਗਰੀ ਸੈਲਸੀਅਸ ਤਾਪਮਾਨ ਦਰਜ ਕੀਤਾ ਗਿਆ। ਸ਼ਿਮਲਾ ਵਿੱਚ



ਤਾਪਮਾਨ ਮਨਫੀ 2.2 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ। ਮੌਸਮ ਵਿਭਾਗ ਨੇ ਪੇਸ਼ੀਨਗੋਈ ਕੀਤੀ ਹੈ ਕਿ ਆਉਣ ਵਾਲੇ ਦਿਨਾਂ ਵਿਚ ਸੀਤ ਲਹਿਰ ਹੋਰ ਤੇਜ਼ ਹੋ ਸਕਦੀ ਹੈ।

## ਸੁਪਰੀਮ ਕੋਰਟ ਨੇ ਮੈਡੀਕਲ ਪੇਸ਼ੇਵਰਾ ਦੀ ਸੁਰੱਖਿਆ ਬਾਰੇ ਸੁਝਾਅ ਐਸਟੀਐਫ ਨਾਲ ਕੀਤੇ ਸਾਂਝੇ

ਦਿੱਲੀ, ਲੋਕ ਬਾਣੀ-ਸੁਪਰੀਮ ਕੋਰਟ ਨੇ ਹਸਪਤਾਲਾਂ ਵਿਚ ਡਾਕਟਰਾਂ ਤੇ ਮੈਡੀਕਲ ਸਟਾਫ ਦੀ ਸੁਰੱਖਿਆ ਦੇ ਮੱਦੇਨਜ਼ਰ ਤੇ ਜਿਨਸੀ ਹਿੰਸਾ ਨੂੰ ਰੋਕਣ ਲਈ ਪਾਰਟੀਆਂ ਨੂੰ ਆਪਣੀਆਂ ਸਿਫਾਰਸ਼ਾਂ ਅਤੇ ਸੁਝਾਅ ਅਦਾਲਤ ਵੱਲੋਂ ਨਿਯੁਕਤ ਕੌਮੀ ਟਾਸਕ ਫੋਰਸ (ਐਨਟੀਐਫ) ਨਾਲ ਸਾਂਝੇ ਕਰਨ ਲਈ ਕਿਹਾ ਹੈ।

ਚੀ.ਫ ਜਸਟਿਸ ਸੰਜੀਵ ਖੰਨਾ ਅਤੇ ਜਸਟਿਸ ਸੰਜੇ ਕੁਮਾਰ ਦੇ ਬੈਂਚ ਨੇ



ਕਿਹਾ ਕਿ ਇਸ ਸਬੰਧੀ ਐਨਟੀਐਫ ਆਪਣੀ ਰਿਪੋਰਟ ਅੱਜ ਤੋਂ 12 ਹ.ਫਤਿਆਂ ਅੰਦਰ ਦਾਇਰ ਕਰੇਗਾ।

## ਤ.ਖ਼ਤ ਸ੍ਰੀ ਦਮਦਮਾ ਸਾਹਿਬ ਵਿੱਚ ਸੁਖਬੀਰ ਬਾਦਲ ਤੇ ਹੋਰਨਾਂ ਆਗੂਆਂ ਨੇ ਕੀਤੀ ਸੇਵਾ

ਤਲਵੰਡੀ ਸਾਬੋ, ਲੋਕ ਬਾਣੀ--ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਲਗਾਈ ਗਈ ਤਨਖਾਹ ਅਨੁਸਾਰ ਪੰਜਾਬ ਦੇ ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਨੇ ਅੱਜ ਦੂਜੇ ਦਿਨ ਵੀ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਸੇਵਾ ਕੀਤੀ। ਅਕਾਲੀ ਲੀਡਰਸ਼ਿਪ ਦੀ ਧਾਰਮਿਕ ਸੇਵਾ ਦੇ ਮੱਦੇਨਜ਼ਰ ਪੁਲੀਸ ਪ੍ਰਸ਼ਾਸ਼ਨ ਵੱਲੋਂ ਅੱਜ ਵੀ ਤਖ਼ਤ ਸਾਹਿਬ ਕੰਪਲੈਕਸ ਦੁਆਲੇ ਸਖ਼ਤ ਸੁਰੱਖਿਆ ਪ੍ਰਬੰਧ ਕੀਤੇ ਗਏ ਸਨ। ਤਖ਼ਤ ਸਾਹਿਬ



ਦੇ ਅੰਦਰ ਅਤੇ ਲੰਗਰ ਹਾਲ 'ਚ ਸਾਦੇ ਕੱਪੜਿਆਂ ਵਿੱਚ ਵੀ ਭਾਰੀ ਪੁਲੀਸ ਬਲ ਦੀ ਤਾਇਨਾਤੀ ਦੇਖਣ ਨੂੰ ਮਿਲੀ।

## ਕਿਸਾਨ ਮੁੜ ਹੁਣ 14 ਨੂੰ ਕਰਣਗੇ ਦਿੱਲੀ ਵੱਲ ਕੂਚ

ਚੰਡੀਗੜ੍ਹ, ਵਿਨੋਦ ਸ਼ਰਮਾ- ਆਪਣੀਆਂ ਮੰਗਾਂ ਦੇ ਹੱਕ ਵਿਚ ਸੰਘਰਸ਼ ਕਰ ਰਹੇ ਕਿਸਾਨਾਂ ਦਾ ਇਕੇ ਸ਼ੰਭੂ ਸਰਹੱਦ ਤੋਂ ਅਗਲਾ ਜਥਾ 14 ਦਸੰਬਰ ਨੂੰ ਮੁੜ ਦਿੱਲੀ ਕੂਚ ਕਰੇਗਾ।ਇਹ ਐਲਾਨ ਅੱਜ ਸ਼ੰਭੂ ਬਾਰਡਰ 'ਤੇ ਕੀਤੀ ਪ੍ਰੈੱਸ ਕਾਨਫਰੰਸ ਦੌਰਾਨ ਕਿਸਾਨ ਨੇਤਾ ਸਰਵਣ ਸਿੰਘ ਪੰਧੇਰ ਵੱਲੋਂ ਕੀਤਾ ਗਿਆ। ਇਹ ਫ਼ੈਸਲਾ ਕਿਸਾਨ ਆਗੂਆਂ



ਵੱਲੋਂ ਸੰਘਰਸ਼ ਦੀ ਅਗਲੀ ਰਣਨੀਤੀ ਉਤੇ ਕੀਤੀਆਂ ਗਈਆਂ ਡੂੰਘੀਆਂ ਵਿਚਾਰਾਂ ਤੋਂ ਬਾਅਦ ਕੀਤਾ ਗਿਆ ਹੈ। ਗ਼ੌਰਤਲਬ ਹੈ ਕਿ ਹਰਿਆਣਾ ਅਤੇ ਪੰਜਾਬ ਦੀਆਂ ਸ਼ੰਭੂ ਅਤੇ ਢਾਬੀ ਗੁਜਰਾਂ ਸਰਹੱਦਾਂ ਉਤੇ ਬੀਤੇ ਫਰਵਰੀ ਮਹੀਨੇ ਤੋਂ ਜਾਰੀ ਮੋਰਚਿਆਂ ਨੂੰ ਕਰੀਬ ਦਸ ਮਹੀਨੇ ਹੋ ਜਾਣ ਦੇ ਮੱਦੇਨਜ਼ਰ ਬੀਤੇ ਦਿਨੀਂ ਕਿਸਾਨ ਆਗੂਆਂ ਨੇ ਸੰਘਰਸ਼ ਦੇ ਅਗਲੇ ਪੜਾਅ ਦੌਰਾਨ ਸ਼ਾਂਤਮਈ ਢੰਗ ਨਾਲ ਅਤੇ ਬਿਨਾਂ ਟਰੈਕਟਰਾਂ-ਟਰਾਲੀਆਂ ਤੋਂ ਪੈਦਲ ਦਿੱਲੀ ਕੂਚ ਕਰਨ ਦਾ ਫ਼ੈਸਲਾ ਕੀਤਾ ਸੀ।

## ਢੱਡਰੀਆਂ ਵਾਲੇ ਬਾਬੇ ਖਿਲਾਫ ਹੋਇਆ ਮਾਮਲਾ ਦਰਜ

ਪਟਿਆਲਾ, ਲੋਕ ਬਾਣੀ-- 12 ਸਾਲ ਪਹਿਲਾਂ ਲੜਕੀ ਦੀ ਮੌਤ ਦੇ ਮਾਮਲੇ ਚ ਰਣਜੀਤ ਸਿੰਘ ਢੱਡਰੀਆਂ ਵਾਲੇ ਖਿਲਾਫ ਮਾਮਲਾ ਦਰਜ ਕੀਤਾ ਗਿਆ ਹੈ। ਇਸ ਸਬੰਧੀ ਲੜਕੀ ਦੇ ਭਰਾ ਨੇ 12 ਸਾਲ ਪਹਿਲਾਂ ਮਾਣਯੋਗ ਹਾਈਕੋਰਟ ਵਿਚ ਰਿੱਟ ਪਾਈ ਸੀ



ਤੇ ਹੁਣ ਮਾਮਲਾ ਦਰਜ ਹੋ ਗਿਆ ਹੈ।

## ਪੰਜਾਬ ਵਿੱਚ ਅਸਲਾ ਧਾਰੀ ਵਿਅਕਤੀਆਂ ਲਈ ਆਈ ਖਬਰ

ਜਲੰਧਰ , ਬਿੱਟੂ ਫੋਲੜੀਵਾਲ -ਪੰਜਾਬ ਸਰਕਾਰ ਵੱਲੋਂ ਨਗਰ ਕੌਂਸਲ ਚੋਣਾਂ ਦੇ ਐਲਾਨ ਦੇ ਨਾਲ ਹੀ ਚੋਣ ਜ਼ਾਬਤਾ ਲਾਗੂ ਹੋ ਗਿਆ ਹੈ। ਇਸ ਸਬੰਧੀ ਸਰਵਣ ਸਿੰਘ ਬੱਲ ਡੀ. ਐੱਸ. ਪੀ. ਫਿਲੌਰ ਨੇ ਅਸਲਾ ਧਾਰਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਤੁਰੰਤ ਆਪਣਾ ਅਸਲਾ 3 ਦਿਨਾਂ ਦੇ ਅੰਦਰ ਪੁਲਸ ਸਟੇਸ਼ਨ ਵਿਖੇ ਜਮ੍ਹਾਂ ਕਰਵਾਉਣ। ਸਰਵਣ ਸਿੰਘ ਬੱਲ ਨੇ ਕਿਹਾ ਕਿ



ਜੇਕਰ ਅਸਲਾ ਧਾਰਕ ਆਪਣਾ ਅਸਲਾ ਜਮ੍ਹਾ ਨਹੀਂ ਕਰਵਾਉਂਦੇ ਤਾਂ ਉਨ੍ਹਾਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

## ਵਰਬੀਓ ਕੰਪਨੀ ਦੇ ਪਲਾਂਟ 'ਚ ਅੱਗ; ਜਾਨੀ ਨੁਕਸਾਨ ਤੋਂ ਬਚਾਅ

ਲਹਿਰਾਗਾਗਾ, ਲੋਕ ਬਾਣੀ--ਲਹਿਰਾਗਾਗਾ-ਪਾਤੜਾਂ ਸੜਕ 'ਤੇ ਵਰਬੀਓ ਕੰਪਨੀ ਦੇ ਪਲਾਂਟ ਵਿੱਚ ਪਰਾਲੀ ਦੀਆਂ ਗੱਠਾਂ ਨੂੰ ਅੱਜ ਅੱਗ ਲੱਗ ਗਈ ਜੋ ਭਿਆਨਕ ਰੂਪ ਧਾਰਨ ਕਰ ਗਈ। ਡੀਐਸਪੀ ਦੀਪਇੰਦਰ ਸਿੰਘ ਜੇਜੀ ਦੀ ਅਗਵਾਈ ਹੇਠ ਪੁਲੀਸ ਪਾਰਟੀ ਤੇ ਫਾਇਰ ਬ੍ਰਿਗੇਡ ਮੌਕੇ 'ਤੇ ਪਹੁੰਚ ਗਏ ਪਰ ਅੱਗ 'ਤੇ ਕਾਬੂ ਨਾ ਪਾਇਆ ਗਿਆ।ਇਸ ਮੌਕ ਜਾਨੀ ਨੁਕਸਾਨ ਤੋਂ ਬਚਾਅ ਰਿਹਾ। ਇਸ ਮੌਕੇ ਲਗਪਗ 4 ਹਜ਼ਾਰ ਟਨ ਦੇ ਕਰੀਬ ਪਰਾਲੀ ਨੂੰ ਅੱਗ ਲੱਗ ਗਈ ਜਿਸ ਨੂੰ



ਬੁਝਾਉਣ ਲਈ ਜ਼ਿਲ੍ਹੇ ਭਰ ਤੋਂ ਅੱਧੀ ਦਰਜਨ ਤੋਂ ਵੱਧ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਪੁੱਜੀਆਂ ਪਰ ਸ਼ਾਮ ਦੇ ਛੇ ਵਜੇ ਤੱਕ ਅੱਗ ਬੁਝਾਈ ਨਹੀਂ ਜਾ ਸਕੀ।




ਪੱਤਰਕਾਰਾਂ ਲਈ ਸੁਨਹਿਰਾ ਮੌਕਾ
ਪੰਜਾਬ ਦੇ ਹਰ ਜਿਲੇ ਤੋਂ ਰੋਜਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 9915594111

# ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਵਲੋਂ ਨਸ਼ਿਆਂ ਦੇ ਖਾਤਮੇ ਲਈ ਸਮਾਜ ਦੇ ਸਾਰੇ ਵਰਗਾਂ ਨੂੰ ਰਲ ਕੇ ਮੁਹਿੰਮ ਵਿੱਢਣ ਦਾ ਸੱਦਾ

ਜਲੰਧਰ, (ਲੋਕ ਬਾਣੀ) : ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਅੱਜ ਇਥੋਂ ਨੇੜਲੇ ਇਤਿਹਾਸਕ ਪਿੰਡ ਬਿਆਸ ਤੋਂ 'ਨਸ਼ਾ ਮੁਕਤ-ਰੰਗਲਾ ਪੰਜਾਬ' ਮੁਹਿੰਮ ਤਹਿਤ ਨਸ਼ਿਆਂ ਖਿਲਾਫ਼ ਦੋ ਦਿਨਾਂ ਪੈਦਲ ਯਾਤਰਾ ਦੀ ਸ਼ੁਰੂਆਤ ਕਰਦਿਆਂ ਔਰਤਾਂ ਨੂੰ ਇਸ ਸਮਾਜਿਕ ਬੁਰਾਈ ਖਿਲਾਫ਼ ਲਾਮਬੰਦ ਹੋਣ ਦਾ ਸੱਦਾ ਦਿੱਤਾ।



ਵਿਸ਼ਵ ਪ੍ਰਸਿੱਧ ਦੌੜਾਕ ਫੌਜਾ ਸਿੰਘ ਦੇ ਘਰ ਤੋਂ ਸ਼ੁਰੂ ਹੋਈ ਇਸ ਯਾਤਰਾ ਦੀ ਅਗਵਾਈ ਕਰਦਿਆਂ ਸ਼੍ਰੀ ਕਟਾਰੀਆ ਨੇ ਕਿਹਾ ਕਿ ਨਸ਼ਿਆਂ ਦੀ ਸਮੱਸਿਆ ਨਾਲ ਨਜਿੱਠਣ ਲਈ ਸਰਕਾਰਾਂ ਵੱਲੋਂ ਆਪਣੇ ਪੱਧਰ 'ਤੇ ਵਿਆਪਕ ਕਾਰਵਾਈਆਂ ਨੂੰ ਅੰਜਾਮ ਦਿੱਤਾ ਜਾ ਰਿਹਾ ਹੈ ਪਰ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਸਾਰੇ ਨਾਗਰਿਕਾਂ ਨੂੰ ਮਿਲ ਕੇ ਹੰਭਲਾ ਮਾਰਨ ਦੀ ਲੋੜ ਹੈ। ਖਾਸ ਕਰ ਔਰਤਾਂ ਨੂੰ ਅੱਗੇ ਆ ਕੇ ਨਸ਼ਿਆਂ ਦਾ ਵਿਰੋਧ ਕਰਨਾ ਚਾਹੀਦਾ ਹੈ।

ਉਨ੍ਹਾਂ ਕਿਹਾ ਕਿ ਨਸ਼ੇ ਕਰਨ ਨਾਲ ਸਿਰਫ਼ ਵਿਅਕਤੀ ਦੀ ਸਿਹਤ 'ਤੇ ਹੀ ਮਾੜਾ ਅਸਰ ਨਹੀਂ ਪੈਂਦਾ ਸਗੋਂ ਉਸਦੇ ਪਰਿਵਾਰ ਨੂੰ ਵੀ ਇਸ ਅਲਾਮਤ ਦਾ ਸੰਤਾਪ ਭੁਗਤਣਾ ਪੈਂਦਾ ਹੈ, ਜਿਸ ਦਾ ਜ਼ਿਆਦਾ ਸ਼ਿਕਾਰ ਔਰਤਾਂ ਹੁੰਦੀਆਂ ਹਨ। ਸ਼੍ਰੀ ਕਟਾਰੀਆ ਨੇ ਕਿਹਾ ਕਿ ਔਰਤਾਂ ਸਮਾਜ ਦੀ ਮਹੱਤਵਪੂਰਣ ਕੜੀ ਹਨ ਅਤੇ ਨਸ਼ਿਆਂ ਦੀ ਸਮੱਸਿਆ ਦੇ ਖਾਤਮੇ ਵਿੱਚ ਬੇਹੱਦ ਪ੍ਰਭਾਵੀ ਭੂਮਿਕਾ ਨਿਭਾਅ ਸਕਦੀਆਂ ਹਨ।

ਰਾਜਪਾਲ ਨੇ ਕਿਹਾ ਕਿ ਨਸ਼ਾ ਜਿਥੇ ਆਪਣੇ ਆਪ ਵਿੱਚ ਸਮੱਸਿਆ ਹੈ ਉਥੇ ਇਸ ਨਾਲ ਹੋਰ ਕਈ ਸਮੱਸਿਆਵਾਂ ਜੁੜੀਆਂ ਹੋਈਆਂ ਹਨ, ਜਿਸ ਵਿੱਚ ਸਭ ਤੋਂ ਵੱਡਾ ਮਸਲਾ ਜੁਰਮ ਹੈ। ਨਸ਼ੇ ਕਰਨ ਵਾਲਾ ਵਿਅਕਤੀ ਨਸ਼ੇ ਦੀ ਪੂਰਤੀ ਲਈ ਅਪਰਾਧ ਦੇ ਰਾਹ 'ਤੇ ਵੀ ਤੁਰਨ ਤੋਂ ਗੁਰੇਜ਼ ਨਹੀਂ ਕਰਦਾ।

ਨਸ਼ਿਆਂ ਖਿਲਾਫ਼ ਲੋਕ ਲਹਿਰ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੰਦਿਆਂ ਕਟਾਰੀਆ ਨੇ ਕਿਹਾ ਕਿ ਕੋਈ ਵੀ ਮੁਹਿੰਮ ਲੋਕਾਂ ਦੇ ਸਹਿਯੋਗ ਤੋਂ ਬਿਨਾਂ ਸਫ਼ਲ ਨਹੀਂ ਹੋ ਸਕਦੀ। ਉਨ੍ਹਾਂ ਲੋਕਾਂ ਨੂੰ ਆਉਣ ਵਾਲੀਆਂ ਪੀੜ੍ਹੀਆਂ ਲਈ ਨਸ਼ਾ ਮੁਕਤ ਭਵਿੱਖ ਸਿਰਜਣ ਲਈ ਇਸ ਅਭਿਆਨ ਵਿੱਚ ਸਰਗਰਮ ਭਾਗੀਦਾਰ ਬਣਨ ਦਾ ਹੋਕਾ ਦਿੱਤਾ।

ਇੰਡੀਅਨ ਰੈੱਡ ਕਰਾਸ ਸੁਸਾਇਟੀ ਅਤੇ ਸੋਸ਼ਲ ਵਰਕਰ ਤੇ ਉੱਘੇ ਲੇਖਕ ਖੁਸ਼ਵੰਤ ਸਿੰਘ ਦੇ ਸਹਿਯੋਗ ਨਾਲ ਕੱਢੀ ਗਈ ਇਹ ਪੈਦਲ ਯਾਤਰਾ ਅੱਜ ਪਿੰਡ ਭੱਠੇ ਵਿਖੇ ਸਮਾਪਤ ਹੋਈ। ਕਰੀਬ 8 ਕਿਲੋਮੀਟਰ ਦੀ ਇਸ ਯਾਤਰਾ ਦੀ ਅਗਵਾਈ ਰਾਜਪਾਲ ਪੰਜਾਬ ਵੱਲੋਂ ਖੁਦ ਪੈਦਲ ਚੱਲ ਕੇ ਕੀਤੀ ਗਈ।

ਬੁੱਧਵਾਰ 11 ਦਸੰਬਰ ਨੂੰ ਪਿੰਡ ਭੱਠੇ ਤੋਂ ਸਵੇਰੇ 10:30 ਵਜੇ ਕਰੀਬ 7 ਕਿਲੋਮੀਟਰ ਦੂਰੀ ਤੈਅ ਕਰਕੇ ਇਹ ਯਾਤਰਾ ਜੰਗ-ਏ-ਆਜ਼ਾਦੀ ਕਰਤਾਰਪੁਰ ਵਿਖੇ ਸਮਾਪਤ ਹੋਵੇਗੀ, ਜਿਥੇ ਸਮਾਪਤੀ ਸਮਾਗਮ ਕਰਵਾਇਆ ਜਾ ਰਿਹਾ ਹੈ।

ਕਰੀਬ 113 ਦੌੜਾਕ ਫੌਜਾ ਸਿੰਘ ਨੇ ਵੀ ਇਸ ਪੈਦਲ ਯਾਤਰਾ ਵਿੱਚ ਭਾਗ ਲਿਆ ਅਤੇ ਕਰੀਬ ਇਕ ਕਿਲੋਮੀਟਰ ਪੈਦਲ ਤੁਰੇ।

ਉਪਰੰਤ ਰਾਜਪਾਲ ਵੱਲੋਂ ਦੌੜਾਕ ਫੌਜਾ ਸਿੰਘ ਦਾ ਸਨਮਾਨ ਵੀ ਕੀਤਾ ਗਿਆ।

ਸਕੂਲਾਂ ਦੇ ਵਿਦਿਆਰਥੀਆਂ ਨੇ ਪੈਦਲ ਯਾਤਰਾ ਦਾ ਹਿੱਸਾ ਬਣਦਿਆਂ ਹੱਥਾਂ ਵਿੱਚ ਬੈਨਰ ਅਤੇ ਤਖ਼ਤੀਆਂ ਫੜ ਕੇ ਲੋਕਾਂ ਨੂੰ ਨਸ਼ਿਆਂ ਖਿਲਾਫ਼ ਜਾਗਰੂਕਤਾ ਦਾ ਸੁਨੇਹਾ ਦਿੱਤਾ।

ਡਾਇਰੈਕਟਰ ਐਮ.ਐਚ.ਏ. (ਸੈਂਸਜ਼ ਐਂਡ ਸਿਟੀਜ਼ਨਸ਼ਿਪ) ਲਲਿਤ ਜੈਨ ਆਈ.ਏ.ਐਸ., ਸਕੱਤਰ ਰੈੱਡ ਕਰਾਸ ਸੁਸਾਇਟੀ ਪੰਜਾਬ ਸ਼ਿਵ ਦੁਲਾਰ ਸਿੰਘ ਢਿੱਲੋਂ ਸਾਬਕਾ ਆਈ. ਏ. ਐਸ., ਸਾਬਕਾ ਪ੍ਰਿੰਸੀਪਲ ਪ੍ਰਮੁੱਖ ਸਕੱਤਰ ਸੁਰੇਸ਼ ਕੁਮਾਰ, ਸਾਬਕਾ ਸੂਚਨਾ ਕਮਿਸ਼ਨਰ ਤੇ ਉੱਘੇ ਲੇਖਕ ਖੁਸ਼ਵੰਤ ਸਿੰਘ, ਪਿੰਡਾਂ ਦੀਆਂ ਪੰਚਾਇਤਾਂ, ਸਮਾਜਿਕ ਸੰਸਥਾਵਾਂ ਅਤੇ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਨੇ ਵੀ ਪੈਦਲ ਯਾਤਰਾ ਵਿੱਚ ਸ਼ਮੂਲੀਅਤ ਕੀਤੀ।

# ਵਿਜੀਲੈਂਸ ਬਿਊਰੋ ਨੇ ਏ.ਐਸ.ਆਈ. ਨੂੰ 10,000 ਰੁਪਏ ਰਿਸ਼ਵਤ ਲੈਂਦਿਆਂ ਕੀਤਾ ਕਾਬੂ

ਚੰਡੀਗੜ੍ਹ,(ਲੋਕ ਬਾਣੀ) 2024 - ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਮੁਹਿੰਮ ਦੌਰਾਨ ਮੰਗਲਵਾਰ ਨੂੰ ਬਠਿੰਡਾ ਜ਼ਿਲ੍ਹੇ ਦੇ ਥਾਣਾ ਤਲਵੰਡੀ ਸਾਬੋ ਵਿਖੇ ਤਾਇਨਾਤ ਸਹਾਇਕ ਸਬ ਇੰਸਪੈਕਟਰ (ਏ.ਐਸ. ਆਈ.) ਰਘਬੀਰ ਸਿੰਘ ਨੂੰ 10,000 ਰੁਪਏ ਦੀ ਰਿਸ਼ਵਤ ਲੈਂਦਿਆਂ ਗ੍ਰਿਫ਼ਤਾਰ ਕੀਤਾ ਹੈ।



ਇਸ ਸਬੰਧੀ ਜਾਣਕਾਰੀ ਦਿੰਦਿਆਂ ਸੂਬਾ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਪਰੋਕਤ ਪੁਲਿਸ ਮੁਲਾਜ਼ਮ ਨੂੰ ਤਲਵੰਡੀ ਸਾਬੋ ਬਲਾਕ ਦੇ ਪਿੰਡ ਸਿੰਗੋ ਵਾਸੀ ਸੁਖਪ੍ਰੀਤ ਸਿੰਘ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ ਤੇ ਗ੍ਰਿਫਤਾਰ ਕੀਤਾ ਗਿਆ ਹੈ।

ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਹੈ ਕਿ ਉਕਤ ਮੁਲਜ਼ਮ ਨੇ ਸ਼ਿਕਾਇਤਕਰਤਾ ਵੱਲੋਂ ਦਰਜ ਕਰਵਾਏ ਪੁਲੀਸ ਕੇਸ ਵਿੱਚ ਉਸ ਦਾ ਪੱਖ ਪੂਰਨ ਲਈ 10,000 ਰੁਪਏ ਦੀ ਰਿਸ਼ਵਤ ਦੀ ਮੰਗ ਕੀਤੀ ਸੀ।

ਬੁਲਾਰੇ ਨੇ ਅੱਗੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਜਾਂਚ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਜਿਸ ਦੌਰਾਨ ਮੁਲਜ਼ਮ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 10,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ।

ਉਨ੍ਹਾਂ ਦੱਸਿਆ ਕਿ ਇਸ ਸਬੰਧ ਵਿੱਚ ਵਿਜੀਲੈਂਸ ਬਿਓਰੋ ਦੇ ਥਾਣਾ ਬਠਿੰਡਾ ਰੇਂਜ ਵਿੱਚ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ। ਮੁਲਜ਼ਮਾਂ ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਸ ਮਾਮਲੇ ਦੀ ਅਗਲੀ ਕਾਰਵਾਈ ਜਾਰੀ ਹੈ।

# ਪੰਜਾਬ ਮਿਊਂਸਿਪਲ ਚੋਣਾਂ ਲਈ AAP ਅੱਜ ਬਣਾਏਗੀ ਰਣਨੀਤੀ, ਸੀਐਮ ਮਾਨ ਦੀ ਅਗਵਾਈ 'ਚ ਹੋਵੇਗੀ ਮੀਟਿੰਗ



(ਲੋਕ ਬਾਣੀ) ਅੱਜ ਆਮ ਆਦਮੀ ਪਾਰਟੀ ਪੰਜਾਬ ਵਿੱਚ 21 ਦਸੰਬਰ ਨੂੰ ਹੋਣ ਵਾਲੀਆਂ 5 ਨਗਰ ਨਿਗਮਾਂ ਅਤੇ 44 ਨਗਰ ਕੌਂਸਲਾਂ ਦੀਆਂ ਚੋਣਾਂ ਲਈ ਰਣਨੀਤੀ ਬਣਾਏਗੀ। ਚੋਣਾਂ ਨੂੰ ਲੈ ਕੇ ਪੰਜਾਬ 11♦ ਦੀ ਪਹਿਲੀ ਅਹਿਮ ਮੀਟਿੰਗ ਸੀਐੱਮ ਭਗਵੰਤ ਮਾਨ ਦੀ ਅਗਵਾਈ 'ਚ ਹੋਣ ਜਾ ਰਹੀ ਹੈ। ਮੀਟਿੰਗ ਵਿੱਚ ਪਾਰਟੀ ਦੇ ਕੌਮੀ ਸਕੱਤਰ ਸੰਦੀਪ ਪਾਠਕ ਅਤੇ ਸੂਬਾ ਪ੍ਰਧਾਨ ਅਮਨ ਅਰੋੜਾ ਵੀ ਮੌਜੂਦ ਰਹਿਣਗੇ। ਇਸ ਦੇ ਨਾਲ ਹੀ ਸਾਰੇ ਜ਼ਿਲ੍ਹਿਆਂ ਦੀਆਂ ਸਕਰੀਨਿੰਗ ਕਮੇਟੀਆਂ ਦੇ ਮੈਂਬਰਾਂ ਨੂੰ ਵੀ ਮੀਟਿੰਗ ਲਈ ਬੁਲਾਇਆ ਗਿਆ ਹੈ।

ਪਾਰਟੀ ਦਿੱਲੀ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਚੰਗੇ ਉਮੀਦਵਾਰ ਖੜ੍ਹੇ ਕਰਕੇ ਵੱਡੀ ਜਿੱਤ ਹਾਸਲ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਤਾਂ ਜੋ ਦਿੱਲੀ ਚੋਣਾਂ ਤੋਂ ਪਹਿਲਾਂ ਪਾਰਟੀ ਨੂੰ ਬੂਸਟਰ ਮਿਲ ਸਕੇ।

# ਚੰਡੀਗੜ੍ਹ ਚ ਕਾਂਗਰਸੀ ਵਰਕਰਾਂ ਤੇ ਪੁਲਿਸ ਵਿਚਾਲੇ ਝੜਪ: ਪੰਜਾਬ ਯੂਥ ਦੇ ਆਗੂ ਹਿਰਾਸਤ ਚ

ਚੰਡੀਗੜ੍ਹ -(ਲੋਕ ਬਾਣੀ) ਪੰਜਾਬ ਯੂਥ ਕਾਂਗਰਸ ਨੇ ਅੱਜ (ਮੰਗਲਵਾਰ) ਨਸ਼ੇ ਅਤੇ ਬੇਰੁਜ਼ਗਾਰੀ ਦੇ ਮੁੱਦੇ ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਰਿਹਾਇਸ਼ ਦਾ ਘਿਰਾਓ ਕਰਨ ਦਾ ਫੈਸਲਾ ਕੀਤਾ ਹੈ। ਪਰ ਜਿਵੇਂ ਹੀ ਕਾਂਗਰਸੀ ਆਗੂ ਤੇ ਸਮਰਥਕ ਕਾਂਗਰਸ ਭਵਨ ਤੋਂ ਬਾਹਰ ਆਏ ਤਾਂ ਚੰਡੀਗੜ੍ਹ ਪੁਲੀਸ ਨੇ ਬੈਰੀਕੇਡ ਲਾ ਕੇ ਉਨ੍ਹਾਂ ਨੂੰ ਰੋਕ ਲਿਆ। ਇਸ ਦੌਰਾਨ ਜਲ ਤੋਪਾਂ ਅਤੇ ਹੋਰ ਪ੍ਰਬੰਧ ਕੀਤੇ ਗਏ ਸਨ।



ਇਸ ਦੌਰਾਨ ਪੁਲੀਸ ਅਤੇ ਕਾਂਗਰਸੀ ਆਗੂਆਂ ਵਿਚਾਲੇ ਲੰਮੀ ਤਕਰਾਰ ਹੋਈ। ਪਰ ਪੁਲਿਸ ਨੇ ਉਨ੍ਹਾਂ ਨੂੰ ਅੱਗੇ ਨਹੀਂ ਵਧਣ ਦਿੱਤਾ। ਹਾਲਾਂਕਿ, ਕਾਂਗਰਸੀ ਆਗੂ ਅੱਗੇ ਵਧਣ ਦੀ ਮੰਗ ਤੇ ਅੜੇ ਰਹੇ। ਇਸ ਤੋਂ ਬਾਅਦ ਪੁਲਿਸ ਨੇ ਕਈ ਯੂਥ ਆਗੂਆਂ ਨੂੰ ਹਿਰਾਸਤ ਵਿੱਚ ਲੈ ਲਿਆ। ਪੰਜਾਬ ਯੂਥ ਕਾਂਗਰਸ ਦੇ ਪ੍ਰਧਾਨ ਮੋਹਿਤ ਮਹਿੰਦਰਾ ਸਮੇਤ ਕਈ ਆਗੂਆਂ ਨੂੰ ਹਿਰਾਸਤ ਵਿੱਚ ਲਿਆ ਗਿਆ ਹੈ। ਪ੍ਰਦਰਸ਼ਨ ਤੋਂ ਬਾਅਦ ਤੁਰੰਤ ਸੜਕ ਤੋਂ ਬੈਰੀਕੇਡ ਹਟਾ ਦਿੱਤੇ ਗਏ।

ਚੰਡੀਗੜ੍ਹ ਦੇ ਸੈਕਟਰ-15 ਵਿੱਚ ਇੱਕ ਪਾਸੇ ਯੂਥ ਕਾਂਗਰਸ ਦੇ ਆਗੂ ਤੇ ਵਰਕਰ ਤਾਇਨਾਤ ਸਨ ਤੇ ਦੂਜੇ ਪਾਸੇ ਚੰਡੀਗੜ੍ਹ ਪੁਲੀਸ ਦੇ ਮੁਲਾਜ਼ਮ। ਇਸ ਦੌਰਾਨ ਯੂਥ ਕਾਂਗਰਸੀ ਆਗੂ ਅੱਗੇ ਵਧਣ ਦੀ ਕੋਸ਼ਿਸ਼ ਕਰ ਰਹੇ ਸਨ। ਪਰ ਉਨ੍ਹਾਂ ਨੂੰ ਬੈਰੀਕੇਡ ਤੋਂ ਅੱਗੇ ਨਹੀਂ ਵਧਣ ਦਿੱਤਾ ਗਿਆ। ਹਾਲਾਂਕਿ ਇਸ ਦੌਰਾਨ ਕਾਂਗਰਸੀ ਵਰਕਰਾਂ ਅਤੇ ਪੁਲਿਸ ਵਿਚਾਲੇ ਹੱਥੋਪਾਈ ਵੀ ਹੋਈ। ਆਗੂਆਂ ਨੇ ਕਿਹਾ ਕਿ ਅੱਜ ਸਰਕਾਰ ਕਿਸਾਨਾਂ ਤੋਂ ਲੈ ਕੇ ਨੌਜਵਾਨਾਂ ਤੱਕ ਚਿੰਤਤ ਹੈ। ਨਾ ਤਾਂ ਪੰਜਾਬ ਅਤੇ ਨਾ ਹੀ ਕੇਂਦਰ ਸਰਕਾਰ ਕੋਈ ਨੋਟਿਸ ਲੈ ਰਹੀ ਹੈ। ਅਜਿਹੀ ਸਥਿਤੀ ਵਿੱਚ ਉਨ੍ਹਾਂ ਕੋਲ ਕੋਈ ਵਿਕਲਪ ਨਹੀਂ ਬਚਿਆ ਹੈ।

# ਪੰਜਾਬ ਸਰਕਾਰ ਵਲੋਂ ਸੂਬੇ ਦੇ ਸਾਰੇ ਸਕੂਲਾਂ 'ਚ 24 ਤੋ ਸਰਦੀਆਂ ਦੀਆਂ ਛੁੱਟੀਆ ਦਾ ਐਲਾਨ




ਮੋਹਾਲੀ /ਬਾਰਡਰ (ਲੋਕ ਬਾਣੀ)-ਪੰਜਾਬ ਸਰਕਾਰ ਵਲੋਂ ਸੂਬੇ ਦੇ ਸਰਕਾਰੀ, ਨਿੱਜੀ ਸਹਾਇਤਾ ਪ੍ਰਾਪਤ ਅਤੇ ਮਾਨਤਾ ਪ੍ਰਾਪਤ ਸਕੂਲਾਂ ਵਿਚ ਸਰਦੀਆਂ ਦੇ ਮੌਸਮ ਦੇ ਮੱਦੇਨਜ਼ਰ ਛੁੱਟੀਆਂ ਦਾ ਐਲਾਨ ਕਰ ਦਿੱਤਾ ਗਿਆ ਹੈ। ਇਹ ਛੁੱਟੀਆਂ 24 ਤੋਂ 31 ਦਸੰਬਰ ਤੱਕ ਹੋਣਗੀਆਂ। ਇਸ ਸੰਬੰਧੀ ਜਾਰੀ ਪੱਤਰ ਵਿਚ ਪੰਜਾਬ ਸਰਕਾਰ ਦੇ ਸਕੱਤਰ ਕਮਲ ਕਿਸ਼ੋਰ ਯਾਦਵ ਨੇ ਦੱਸਿਆ ਕਿ ਇਹ ਹੁਕਮ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੀ ਪ੍ਰਵਾਨਗੀ ਉਪਰੰਤ ਜਾਰੀ ਕਰ ਦਿੱਤੇ ਗਏ ਹਨ।

# ਸਾਬਦਿਕ ਗਲਤੀਆਂ ਵਾਲੇ ਪ੍ਰਕਾਸ਼ਿਤ ਗੁਰਸ਼ਬਦ ਰਤਨਾਕਰ ਮਹਾਨ ਕੋਸ਼ ਦੇ ਸੰਸਕਰਣਾਂ ਨੂੰ ਤੁਰੰਤ ਨਸ਼ਟ ਕਰੋ: ਸਪੀਕਰ ਸੰਧਵਾਂ

ਚੰਡੀਗੜ੍ਹ, (ਲੋਕ ਬਾਣੀ) ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਪੰਜਾਬੀ ਯੂਨੀਵਰਸਿਟੀ ਵੱਲੋਂ ਪ੍ਰਕਾਸ਼ਿਤ ਸ਼ਾਬਦਿਕ ਗਲਤੀਆਂ ਵਾਲੇ ਗੁਰਸ਼ਬਦ ਰਤਨਾਕਰ ਮਹਾਨ ਕੋਸ਼ ਦੇ ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਸੰਸਕਰਨਾਂ ਨੂੰ ਨਸ਼ਟ ਕਰਨ ਲਈ ਤੁਰੰਤ ਕਾਰਵਾਈ ਕਰਨ ਦੀ ਵਕਾਲਤ ਕੀਤੀ।



ਸ: ਸੰਧਵਾਂ ਨੇ ਪੰਜਾਬ ਵਿਧਾਨ ਸਭਾ ਸਕੱਤਰੇਤ ਵਿਖੇ ਵੱਖ-ਵੱਖ ਸਿੱਖ ਸੰਸਥਾਵਾਂ ਦੇ ਨੁਮਾਇੰਦਿਆਂ ਨਾਲ ਵਿਚਾਰ-ਵਟਾਂਦਰਾ ਕਰਨ ਤੋਂ ਬਾਅਦ ਕਿਹਾ ਕਿ ਪੰਜਾਬੀ ਯੂਨੀਵਰਸਿਟੀ ਵੱਲੋਂ ਪ੍ਰਕਾਸ਼ਿਤ ਮਹਾਨ ਕੋਸ਼ ਦੇ ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਸੰਸਕਰਨਾਂ ਨੂੰ ਨਸ਼ਟ ਕਰਨ ਲਈ ਢੁਕਵੇਂ ਕਦਮ ਚੁੱਕੇ ਜਾਣਗੇ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਹ ਕੰਮ ਇਸ ਸਬੰਧੀ ਬਣਾਈ ਕਮੇਟੀ ਦੀਆਂ ਸਿਫ਼ਾਰਸ਼ਾਂ ਅਨੁਸਾਰ ਹੀ ਹੋਣਾ ਚਾਹੀਦਾ ਹੈ।

ਸ: ਸੰਧਵਾਂ ਨੇ ਉਚੇਰੀ ਸਿੱਖਿਆ ਵਿਭਾਗ ਨੂੰ ਤਿੰਨ ਹਫ਼ਤਿਆਂ ਵਿੱਚ ਲੋੜੀਂਦੀ ਰਿਪੋਰਟ ਪੇਸ਼ ਕਰਨ ਲਈ ਵੀ ਕਿਹਾ ਹੈ। ਉਨ੍ਹਾਂ ਕਿਹਾ ਕਿ ਗੁਰਬਾਣੀ ਦੀ ਸਰਵਉੱਚਤਾ ਨੂੰ ਕਾਇਮ ਰੱਖਣ ਅਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਭਰਮ-ਭੁਲੇਖਿਆਂ ਨੂੰ ਦੂਰ ਕਰਨ ਲਈ ਇਹ ਕਾਰਜ ਬੇਹੱਦ ਜ਼ਰੂਰੀ ਹੋ ਗਿਆ ਹੈ।ਇਸ ਮੌਕੇ ਸੇਵਾਮੁਕਤ ਪ੍ਰੋਫ਼ੈਸਰ ਡਾ. ਪਿਆਰੇ ਲਾਲ ਗਰਗ, ਕੇਂਦਰੀ ਸਿੱਖ ਸਭਾ ਦੇ ਜਨਰਲ ਸਕੱਤਰ ਡਾ: ਖੁਸ਼ਹਾਲ ਸਿੰਘ, ਗਿਆਨ ਪ੍ਰਕਾਸ਼ ਟਰੱਸਟ ਲੁਧਿਆਣਾ ਦੇ ਨੁਮਾਇੰਦੇ ਸ: ਸਲੋਚਨ ਬੀਰ ਸਿੰਘ, ਸ: ਅਮਰਜੀਤ ਸਿੰਘ ਧਵਨ, ਸ: ਰਜਿੰਦਰ ਸਿੰਘ ਖ਼ਾਲਸਾ, ਸ: ਬਲਬੀਰ ਸਿੰਘ, ਡਾਇਰੈਕਟਰ ਸ. ਸਿੱਖ ਮਿਸ਼ਨਰੀ ਕਾਲਜ ਦੇ ਸ.ਪਰਮਜੀਤ ਸਿੰਘ, ਡਾਇਰੈਕਟਰ ਉਚੇਰੀ ਸਿੱਖਿਆ ਸ੍ਰੀ ਸੰਯਮ ਅਗਰਵਾਲ ਅਤੇ ਮੁਖੀ ਪੰਜਾਬੀ ਭਾਸ਼ਾ ਵਿਕਾਸ ਵਿਭਾਗ ਪੰਜਾਬੀ ਯੂਨੀਵਰਸਿਟੀ ਪਟਿਆਲਾ ਪਰਮਿੰਦਰਜੀਤ ਕੌਰ ਆਦਿ ਹਾਜ਼ਰ ਸਨ।

# ਪਾਰਟੀ ਵਿੱਚ ਸੁਧਾਰ ਲਿਆਉਣ ਤੋ ਬਾਅਦ ਸ਼੍ਰੋਮਣੀ ਅਕਾਲੀ ਦਲ ਸੁਧਾਰ ਲਹਿਰ ਭੰਗ



ਅੰਮ੍ਰਿਤਸਰ/ਬਾਰਡਰ (ਲੋਕ ਬਾਣੀ)-ਪਿਛਲੇ ਦਿਨਾਂ ਵਿੱਚ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਰਘਬੀਰ ਸਿੰਘ ਅਤੇ ਪੰਜ ਸਿੰਘ ਸਹਿਬਾਨ ਵੱਲੋਂ ਹੋਏ ਹੁਕਮ ਦੀ ਪਾਲਣਾ ਕਰਦੇ ਹੋਏ ਅੱਜ ਇਥੇ ਕਨਵੀਨਰ ਗੁਰਪ੍ਰਤਾਪ ਸਿੰਘ ਵਡਾਲਾ ਦੀ ਅਗਵਾਈ ਵਿਚ ਅੰਮ੍ਰਿਤਸਰ ਵਿਖੇ ਹੋਈ ਇਕੱਤਰਤਾ ਦੌਰਾਨ ਕਰੀਬ ਛੇ ਮਹੀਨੇ ਪਹਿਲਾਂ ਗਠਤ ਕੀਤੀ ਗਈ ਅਕਾਲੀ ਦਲ ਸੁਧਾਰ ਲਹਿਰ ਨੂੰ ਭੰਗ ਕਰਨ ਦਾ ਫੈਸਲਾ ਕੀਤਾ ਗਿਆ।ਇਸ ਮੀਟਿੰਗ ਵਿਚ ਗੁਰਪ੍ਰਤਾਪ ਸਿੰਘ ਵਡਾਲਾ ਤੋਂ ਇਲਾਵਾ ਬੀਬੀ ਜਗੀਰ ਕੌਰ, ਪ੍ਰੇਮ ਸਿੰਘ ਚੰਦੂਮਾਜਰਾ, ਭਾਈ ਮਨਜੀਤ ਸਿੰਘ ਭੂਰਾ ਕੋਹਨਾ, ਬੀਬੀ ਕਿਰਨਜੋਤ ਕੌਰ ਤੇ ਸੁੱਚਾ ਸਿੰਘ ਛੋਟੇਪੁਰ ਸਮੇਤ ਹੋਰ ਅਕਾਲੀ ਆਗੂ ਮੌਜੂਦ ਸਨ। ਬੀਬੀ ਜਗੀਰ ਕੌਰ ਤੇ ਭਾਈ ਮਨਜੀਤ ਸਿੰਘ ਨੇ ਇਕੱਤਰਤਾ ਵਿਚ ਲਏ ਫੈਸਲੇ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਕੱਤਰਤਾ ਵਿਚ ਪਿਛਲੇ ਦਿਨੀਂ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਦੇ ਹੁਕਮਾਂ ਦਾ ਪਾਲਣ ਕਰਦਿਆਂ ਸੁਧਾਰ ਲਹਿਰ ਦਾ ਪ੍ਰੀਜੀਡੀਅਮ ਢਾਂਚਾ ਭੰਗ ਕਰਨ ਦੇ ਨਾਲ ਹੀ ਪਿਛਲੇ ਸਮੇਂ ਵਿਚ ਗਠਿਤ ਬੋਰਡ ਵੀ ਭੰਗ ਕਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਹੁਣ ਅਕਾਲੀ ਦਲ ਦੀ ਵਰਕਿੰਗ ਕਮੇਟੀ ਨੂੰ ਵੀ ਸੁਖਬੀਰ ਸਿੰਘ ਬਾਦਲ ਸਮੇਤ ਹੋਰਨਾਂ ਅਕਾਲੀ ਆਗੂਆਂ ਵਲੋਂ ਦਿੱਤੇ ਅਸਤੀਫੇ ਪ੍ਰਵਾਨ ਕਰ ਲੈਣੇ ਚਾਹੀਦੇ ਹਨ ਤੇ ਸਿੰਘ ਸਾਹਿਬਾਨ ਵਲੋਂ ਗਠਿਤ ਸੱਤ ਮੈਂਬਰੀ ਕਮੇਟੀ ਵਲੋਂ ਅਕਾਲੀ ਦਲ ਨੂੰ ਮਜ਼ਬੂਤ ਕਰਨ ਲਈ ਦਲ ਦੀ ਭਰਤੀ ਆਰੰਭ ਕਰਨੀ ਚਾਹੀਦੀ ਹੈ। ਬੀਬੀ ਜਗੀਰ ਕੌਰ ਨੇ ਕਿਹਾ ਕਿ ਅਸੀਂ ਹੁਣ ਸ਼੍ਰੋਮਣੀ ਅਕਾਲੀ ਦਲ ਦੇ ਵਰਕਰ ਬਣ ਕੇ ਪਾਰਟੀ ਦੀ ਮਜਬੂਤੀ ਲਈ ਕੰਮ ਕਰਾਂਗੇ।

# ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ 5.1 ਕਿਲੋ ਹੈਰੋਇਨ ਬ੍ਰਾਮਦ ਕਰਕੇ ਇਕ ਵਿਆਕਤੀ ਕੀਤਾ ਕਾਬੂ



ਅੰਮ੍ਰਿਤਸਰ (ਲੋਕ ਬਾਣੀ)-ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਦੇ ਨੈੱਟਵਰਕ ਨੂੰ ਵੱਡਾ ਝਟਕਾ ਦਿੰਦਿਆਂ ਕਮਿਸ਼ਨਰੇਟ ਪੁਲਿਸ (ਸੀਪੀ) ਅੰਮ੍ਰਿਤਸਰ ਨੇ ਅੱਜ ਇੱਕ ਨਸ਼ਾ ਤਸਕਰ ਨੂੰ ਗ੍ਰਿਫ਼ਤਾਰ ਕਰਕੇ ਉਸ ਦੇ ਕਬਜ਼ੇ ਵਿੱਚੋਂ 5.1 ਕਿਲੋ ਹੈਰੋਇਨ ਬਰਾਮਦ ਕੀਤੀ ਹੈ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ।ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦੀ ਪਛਾਣ ਗੁਰਵੀਰ ਸਿੰਘ ਉਰਫ਼ ਗੋਰਾ (32) ਵਾਸੀ ਬਸਤੀ ਮੁਹੰਮਦ ਸ਼ਾਹ ਵਾਲੀ, ਫਿਰੋਜ਼ਪੁਰ ਵਜੋਂ ਹੋਈ ਹੈ।

ਹੈਰੋਇਨ ਬਰਾਮਦ ਕਰਨ ਤੋਂ ਇਲਾਵਾ ਪੁਲਿਸ ਟੀਮਾਂ ਨੇ ਉਸ ਦੀ ਟੋਇਟਾ ਫਾਰਚੂਨਰ ਕਾਰ ਜਿਸ ਨੂੰ ਉਹ ਚਲਾ ਰਿਹਾ ਸੀ, ਨੂੰ ਵੀ ਜ਼ਬਤ ਕਰ ਲਿਆ ਹੈ।ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਕਾਬੂ ਕੀਤਾ ਗਿਆ ਮੁਲਜ਼ਮ ਅੰਮ੍ਰਿਤਸਰ ਸੈਕਟਰ ਤੋਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਕਰਦਾ ਸੀ ਅਤੇ ਖੇਪਾਂ ਦੀ ਡਿਲਿਵਰੀ ਕਰਨ ਲਈ ਵੱਖ-ਵੱਖ ਵਿਅਕਤੀਆਂ ਦੀ ਵਰਤੋਂ ਕਰਦਾ ਸੀ। ਉਨ੍ਹਾਂ ਕਿਹਾ ਕਿ ਉਕਤ ਮੁਲਜ਼ਮ ਦੇ ਇੱਕ ਹੋਰ ਸਾਥੀ ਦੀ ਪਛਾਣ ਕਰ ਲਈ ਗਈ ਹੈ ਅਤੇ ਪੁਲਿਸ ਟੀਮਾਂ ਉਸ ਨੂੰ ਫੜਨ ਲਈ ਛਾਪੇਮਾਰੀ ਕਰ ਰਹੀਆਂ ਹਨ।ਉਨ੍ਹਾਂ ਦੱਸਿਆ ਕਿ ਇਸ ਮਾਮਲੇ ਸਬੰਧੀ ਥਾਣਾ ਛਾਉਣੀ ਅੰਮ੍ਰਿਤਸਰ ਵਿਖੇ ਐਫਆਈਆਰ ਦਰਜ ਕੀਤੀ ਗਈ ਹੈ। ਉਨ੍ਹਾਂ ਅੱਗੇ ਕਿਹਾ ਕਿ ਇਸ ਨੈਟਵਰਕ ਦਾ ਪਰਦਾਫਾਸ਼ ਕਰਨ ਦੇ ਉਦੇਸ਼ ਨਾਲ ਇਸ ਵਿੱਚ ਸ਼ਾਮਲ ਹੋਰ ਵਿਅਕਤੀਆਂ ਦੀ ਪਛਾਣ ਕਰਨ ਵਾਸਤੇ ਜਾਂਚ ਕੀਤੀ ਜਾ ਰਹੀ ਹੈ।

ਦੋਸ਼ੀ ਨੇ ਪਿਛਲੇ ਪੰਜ ਮਹੀਨਿਆਂ ਦੌਰਾਨ ਘੱਟੋ-ਘੱਟ ਤਿੰਨ ਖੇਪਾਂ ਦੀ ਕੀਤੀ ਡਲੀਵਰੀ, ਜਾਂਚ ਦੌਰਾਨ ਹੋਇਆ ਖੁਲਾਸਾ: ਸੀਪੀ ਗੁਰਪ੍ਰੀਤ ਸਿੰਘ ਭੁੱਲਰਇਸ ਆਪ੍ਰੇਸ਼ਨ ਸਬੰਧੀ ਹੋਰ ਵੇਰਵੇ ਸਾਂਝੇ ਕਰਦਿਆਂ ਪੁਲਿਸ ਕਮਿਸ਼ਨਰ (ਸੀ.ਪੀ.) ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਭਰੋਸੇਯੋਗ ਸੂਤਰਾਂ ਤੋਂ ਮਿਲੀ ਪੁਖ਼ਤਾ ਇਤਲਾਹ 'ਤੇ ਕਾਰਵਾਈ ਕਰਦੇ ਹੋਏ ਡੀ.ਸੀ.ਪੀ. ਆਲਮ ਵਿਜੇ ਸਿੰਘ, ਏ.ਡੀ.ਸੀ.ਪੀ. ਇਨਵੈਸਟੀਗੇਸ਼ਨ ਨਵਜੋਤ ਸਿੰਘ ਅਤੇ ਏ.ਸੀ.ਪੀ. ਡਿਟੈਕਟਿਵ ਕੁਲਦੀਪ ਸਿੰਘ ਦੀ ਨਿਗਰਾਨੀ ਵਿੱਚ ਅਤੇ ਇੰਚਾਰਜ ਸੀ.ਆਈ.ਏ. ਸਟਾਫ-1 ਅਮੋਲਕਦੀਪ ਸਿੰਘ ਦੀ ਅਗਵਾਈ ਵਿੱਚ ਇੱਕ ਪੁਲਿਸ ਟੀਮ ਨੇ ਵਿਸ਼ੇਸ਼ ਮੁਹਿੰਮ ਚਲਾ ਕੇ ਅੰਮ੍ਰਿਤਸਰ ਦੇ ਲੋਹਾਰਕਾ ਰੋਡ ਤੋਂ ਫਾਰਚੂਨਰ ਕਾਰ, ਜਿਸ ਵਿੱਚ ਦੋਸ਼ੀ ਵਿਅਕਤੀ ਸਫਰ ਕਰ ਰਿਹਾ ਸੀ, ਨੂੰ ਰੋਕਣ ਵਿੱਚ ਸਫ਼ਲਤਾ ਹਾਸਲ ਕੀਤੀ। ਉਨ੍ਹਾਂ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਦੋਸ਼ੀ ਵਿਅਕਤੀ ਕਿਸੇ ਹੋਰ ਸਮੱਗਲਰ, ਜਿਸਨੇ ਸਰਹੱਦ ਪਾਰੋਂ ਭੇਜੀ ਖੇਪ ਹਾਸਲ ਕੀਤੀ ਸੀ, ਤੋਂ ਹੈਰੋਇਨ ਪ੍ਰਾਪਤ ਕਰਕੇ ਅਟਾਰੀ ਤੋਂ ਆ ਰਿਹਾ ਸੀ। ਜਾਂਚ ਤੋਂ ਇਹ ਵੀ ਪਤਾ ਲੱਗਾ ਹੈ ਕਿ ਦੋਸ਼ੀ ਪਿਛਲੇ ਪੰਜ-ਛੇ ਮਹੀਨਿਆਂ ਤੋਂ ਤਸਕਰੀ ਦਾ ਧੰਦਾ ਕਰ ਰਿਹਾ ਸੀ ਅਤੇ ਉਸ ਨੇ ਘੱਟੋ-ਘੱਟ ਤਿੰਨ ਖੇਪਾਂ ਦੀ ਡਿਲੀਵਰੀ ਕੀਤੀ ਹੈ।

ਪੁਲਿਸ ਕਮਿਸ਼ਨਰ ਨੇ ਕਿਹਾ ਕਿ ਮੁਲਜ਼ਮਾਂ ਦੇ ਅਗਲੇਰੇ-ਪਿਛਲੇਰੇ ਸਬੰਧ ਸਥਾਪਤ ਕਰਨ ਅਤੇ ਡਰੱਗ ਸਪਲਾਇਰਾਂ, ਡੀਲਰਾਂ ਅਤੇ ਖ਼ਰੀਦਦਾਰਾਂ ਦੇ ਪੂਰੇ ਨੈਟਵਰਕ ਦਾ ਪਰਦਾਫਾਸ਼ ਕਰਨ ਲਈ ਜਾਂਚ ਜਾਰੀ ਹੈ। ਉਨ੍ਹਾਂ ਕਿਹਾ ਕਿ ਮੁਲਜ਼ਮਾਂ ਵੱਲੋਂ ਹੁਣ ਤੱਕ ਖ਼ਰੀਦੇ ਅਤੇ ਵੰਡੇ ਗਏ ਨਸ਼ੀਲੇ ਪਦਾਰਥਾਂ ਦੀ ਕੁੱਲ ਮਾਤਰਾ ਦਾ ਪਤਾ ਲਗਾਉਣ ਲਈ ਵੀ ਯਤਨ ਕੀਤੇ ਜਾ ਰਹੇ ਹਨ।

ਇਸ ਸਬੰਧੀ ਥਾਣਾ ਅੰਮ੍ਰਿਤਸਰ ਵਿਖੇ ਐਨ.ਡੀ.ਪੀ.ਐਸ ਐਕਟ ਦੀਆਂ ਧਾਰਾਵਾਂ 21(ਸੀ), 23 ਅਤੇ 29 ਅਧੀਨ ਮੁਕੱਦਮਾ ਨੰਬਰ 194 ਮਿਤੀ 08-12-2024 ਦਰਜ ਕੀਤਾ ਗਿਆ ਹੈ।

# ਗੁਣਵੱਤਾ ਭਰਪੂਰ ਉਤਪਾਦ ਪ੍ਰਾਪਤ ਕਰਨਾ ਉਪਭੋਗਤਾ ਦਾ ਹੱਕ - ਸੱਤਪਾਲ ਸੇਠੀ

ਫਗਵਾੜਾ – ( ਸੁਸ਼ੀਲ ਸ਼ਰਮਾ )ਭਾਰਤੀ ਮਾਨਕ ਬਿਊਰੋ ਜੰਮੂ ਅਤੇ ਕਸ਼ਮੀਰ ਸ਼ਾਖਾ ਵਲੋਂ ਜਾਰੀ ਆਦੇਸ਼ਾਂ ਤਹਿਤ ਸਕੂਲਾਂ ਵਿੱਚ ਕੰਮ ਕਰ ਰਹੀਆਂ ਮਾਨਕ ਕਲੱਬਾਂ ਲਈ ਇੰਡਸਟਰੀਅਲ ਐਕਸਪੋਜ਼ਰ ਵਿਜ਼ਿਟ ਪ੍ਰੋਗਰਾਮ ਅਧੀਨ ਫਗਵਾੜਾ ਦੇ ਪ੍ਰਸਿੱਧ ਉਦਯੋਗ ਫਾਈਨ ਸਵਿੱਚਗੀਅਰਜ਼ ਇੰਡਸਟਰੀਅਲ ਏਰੀਆ ਫਗਵਾੜਾ ਵਿਖੇ ਇੱਕ ਦੌਰਾ ਆਯੋਜਿਤ ਕੀਤਾ ਗਿਆ । ਰਿਸੋਰਸ ਪਰਸਨ ਹਰਜਿੰਦਰ ਗੋਗਨਾ ਦੀ ਅਗਵਾਈ ਵਿੱਚ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਫਗਵਾੜਾ, ਸਰਕਾਰੀ ਸੀ. ਸੈ. ਸਕੂਲ ਭੁੱਲਾਰਾਏ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਟਿੱਬਾ ਦੇ 106 ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਸੰਬੋਧਿਤ ਕਰਦੇ ਹੋਏ ਮਾਲਕ ਸੱਤ ਪਾਲ ਸੇਠੀ ਨੇ ਕਿਹਾ ਕਿ ਇਹ ਉਦਯੋਗ 100 ਸਾਲ ਪਹਿਲਾਂ ਉਹਨਾਂ ਦੇ ਬਜ਼ੁਰਗਾਂ ਵਲੋਂ ਸਥਾਪਿਤ ਕੀਤਾ ਗਿਆ ਸੀ ਅਤੇ ਉਤਪਾਦ ਦੀ ਗੁਣਵੱਤਾ ਤੇ ਹਮੇਸ਼ਾਂ ਇਮਾਨਦਾਰੀ ਨਾਲ ਪਹਿਰਾ ਦਿੱਤਾ ਗਿਆ ਕਿਉਂਕਿ ਗੁਣਵੱਤਾ ਭਰਪੂਰ ਵਸਤੂ ਪ੍ਰਾਪਤ ਕਰਨਾ ਉਪਭੋਗਤਾ







ਦਾ ਹੱਕ ਹੈ । ਮਹਿੰਦਰ ਸੇਠੀ ਅਤੇ ਅਸ਼ੋਕ ਸੇਠੀ ਨੇ ਬੱਚਿਆਂ ਨੂੰ ਉਹਨਾਂ ਵਲੋਂ ਤਿਆਰ ਕੀਤੇ ਜਾਂਦੇ ਬਿਜਲੀ ਦੇ ਉਪਕਰਣਾਂ ਅਤੇ ਬਿਊਰੋ ਵਲੋਂ ਜਾਰੀ ਮਾਨਕਾਂ ਦੀ ਪਾਲਣਾ ਪ੍ਰਤੀ ਦੱਸਿਆ ।ਇਸ ਤੋਂ ਬਾਅਦ ਬੱਚਿਆਂ ਨੂੰ ਗਰੁੱਪਾਂ ਵਿੱਚ ਵੱਖ ਵੱਖ ਯੂਨਿਟਾਂ ਵਿੱਚ ਲਿਜਾ ਕੇ ਪੂਰਾ ਉਦਯੋਗ ਦਿਖਾਇਆ ਗਿਆ । ਸਟੇਟ ਰਿਸੋਰਸ ਪਰਸਨ ਹਰਜਿੰਦਰ ਗੋਗਨਾ ਨੇ ਦੱਸਿਆ ਕਿ ਭਾਰਤੀ ਮਾਨਕ ਬਿਊਰੋ ਦਾ ਮਕਸਦ ਬੱਚਿਆਂ ਤੱਕ ਮਾਨਕੀਕਰਨ, ਪ੍ਰਮਾਣੀਕਰਨ ਸਕੀਮਾਂ , ਟੈਸਟਿੰਗ, ਸਿਖਲਾਈ ਅਤੇ ਮਿਆਰੀ ਤਰੱਕੀ ਗਤੀਵਿਧੀਆਂ ਸਬੰਧੀ ਜਾਣਕਾਰੀ ਪ੍ਰਦਾਨ ਕਰਦੇ ਹੋਏ ਆਈ ਐਸ ਆਈ ਮਾਰਕ ਨਾਲ ਵਸਤੂਆਂ ਖਰੀਦਣ ਦੀ ਮਹੱਤਤਾ, ਅਸਲੀ ਨਕਲੀ ਆਈ ਐਸ ਆਈ ਨਿਸ਼ਾਨਾਂ ਵਿਚਕਾਰ ਫਰਕ ਸਮਝਣ ਵਿੱਚ ਨਿਪੁੰਨ ਬਣਾਉਣਾ ਹੈ ।ਬੱਚਿਆਂ ਦੇ ਸਵਾਲਾਂ ਦੇ ਜਵਾਬ ਦਿੰਦੇ ਹੋਏ ਮੈਨੇਜਿੰਗ ਡਾਇਰੈਕਟਰ ਅਲੋਕ ਸੇਠੀ ਨੇ ਬਿਊਰੋ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਦੇਸ਼ ਦੇ ਵਿਕਾਸ ਲਈ ਵਸਤੂਆ ਦੀ ਗੁਣਵੱਤਾ ਤੇ ਸਖਤੀ ਨਾਲ ਪਹਿਰਾ ਦੇਣਾ ਸਮੇਂ ਦੀ ਲੋੜ ਹੈ ਅਤੇ ਇਹ ਜਾਣਕਾਰੀ ਪਾਠਕ੍ਰਮ ਵਿੱਚ ਵੀ ਜੋੜਨੀ ਚਾਹੀਦੀ ਹੈ । ਸਕੂਲ ਮੈਂਟਰਾਂ ਲਖਵਿੰਦਰ ਕੌਰ, ਜੀਵਨ, ਲੈਕ. ਚਰਨਜੀਤ ਸਿੰਘ ਅਤੇ ਲੈਕ. ਸਰਬਜੀਤ ਸਿੰਘ ਵਲੋਂ ਸੇਠੀ ਪਰਿਵਾਰ ਨੂੰ ਜਾਣਕਾਰੀ ਲਈ ਧੰਨਵਾਦ ਕੀਤਾ । ਸਮੂਹ ਵਿਦਿਆਰਥੀਆਂ ਨੂੰ ਬਿਊਰੋ ਵਲੋਂ ਰਿਫਰੈਸ਼ਮੈਂਟ ਪ੍ਰਦਾਨ ਕੀਤੀ ਗਈ ।

ਰੋਜ਼ਾਨਾ ਲੋਕ ਬਾਣੀ www.lokbani

## ਪ੍ਰੇਮ ਨਗਰ ਸੇਵਾ ਸੁਸਾਇਟੀ ਨੇ ਖੇੜਾ ਰੋਡ ਵਿਖੇ ਕਰਵਾਇਆ 157ਵਾਂ ਮਹੀਨਾਵਾਰ ਸਮਾਗਮ



ਫਗਵਾੜਾ ( ਸੁਸ਼ੀਲ ਸ਼ਰਮਾ ) ਪ੍ਰੇਮ ਨਗਰ ਸੇਵਾ ਸੁਸਾਇਟੀ ਖੇੜਾ ਰੋਡ ਫਗਵਾੜਾ ਵਲੋਂ ਸ. ਅਜੀਤ ਸਿੰਘ ਢਿੱਲੋਂ ਦੀ ਯਾਦ ਵਿਚ 157ਵਾਂ ਮਾਸਿਕ ਰਾਸ਼ਨ ਵੰਡ ਸਮਾਗਮ ਸੀਨੀਅਰ ਸਿਟੀਜ਼ਨ ਕੇਅਰ ਸੈਂਟਰ ਵਿਖੇ ਕਰਵਾਇਆ ਗਿਆ। ਜਿਸ ਵਿੱਚ ਮੁੱਖ ਮਹਿਮਾਨ ਵਜੋਂ ਸਮਾਜ ਸੇਵਕ ਅਤੇ ਜਨਤਾ ਸੇਵਾ ਸੰਮਤੀ ਦੇ ਪ੍ਰਧਾਨ ਵਿਪਨ ਖੁਰਾਣਾ ਨੇ ਸ਼ਿਰਕਤ ਕੀਤੀ। ਉਹਨਾਂ ਨੇ 20 ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਦੀ ਵੰਡ ਕਰਦਿਆਂ ਸੁਸਾਇਟੀ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਸੁਸਾਇਟੀ ਦੇ ਪ੍ਰਧਾਨ ਸੁਧੀਰ ਸ਼ਰਮਾ ਅਤੇ ਜਨਰਲ ਸਕੱਤਰ ਸੁਰਿੰਦਰ ਪਾਲ ਦੀ ਹਾਜਰੀ 'ਚ ਸਮਾਗਮ ਦੇ ਪ੍ਰਬੰਧਕ ਅਤੇ ਨਗਰ ਕੌਂਸਲ ਫਗਵਾੜਾ ਦੇ ਸਾਬਕਾ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਨੇ ਦੱਸਿਆ ਕਿ ਇਹ ਸੇਵਾ ਪਿਛਲੇ 13 ਸਾਲਾਂ ਤੋਂ ਨਿਰੰਤਰ ਜਾਰੀ ਹੈ। ਜਿਸ ਵਿੱਚ ਸਵ. ਅਜੀਤ ਸਿੰਘ ਢਿੱਲੋਂ ਦੇ ਪਰਿਵਾਰ ਦਾ ਵੱਡਮੁੱਲਾ ਯੋਗਦਾਨ ਮਿਲਦਾ ਹੈ। ਜੋ ਆਪਣੇ ਜੀਵਨ ਕਾਲ ਦੌਰਾਨ ਸਮਾਜ ਸੇਵਾ ਨੂੰ ਸਮਰਪਿਤ ਰਹੇ ਅਤੇ ਲੋੜਵੰਦਾਂ ਦੀ ਮਦਦ ਲਈ ਹਮੇਸ਼ਾ ਅੱਗੇ ਵਧ ਕੇ ਕੰਮ ਕੀਤਾ। ਪ੍ਰੇਮ ਨਗਰ ਮੁਹੱਲੇ ਦੇ ਵਿਕਾਸ ਵਿਚ ਵੀ ਉਹਨਾਂ ਨੇ ਹਮੇਸ਼ਾ ਵੱਧ-ਚੜ੍ਹ ਕੇ ਯਤਨ ਕੀਤੇ। ਇਸ ਮੌਕੇ ਸੀਨੀਅਰ ਸਿਟੀਜਨ ਵੈਲਫੇਅਰ ਸੁਸਾਇਟੀ ਦੇ ਪ੍ਰਧਾਨ ਵਿਸ਼ਵਾਮਿੱਤਰ ਸ਼ਰਮਾ, ਪੰਕਜ ਰਾਵਤ, ਬ੍ਰਿਜ ਮੋਹਨ ਪੁਰੀ, ਨਰਿੰਦਰ ਪਾਲ ਸਿੰਘ, ਵਦੰਨਾ ਸ਼ਰਮਾ, ਬ੍ਰਿਜ ਭੂਸ਼ਨ, ਮੋਹਨ ਲਾਲ ਤਨੇਜਾ, ਮਨੀਸ਼ ਕਨੌਜੀਆ, ਸੁਧਾ ਬੇਦੀ, ਐਸ.ਸੀ. ਚਾਵਲਾ, ਆਦਿ ਹਾਜ਼ਰ ਸਨ।

ਰੋਜ਼ਾਨਾ ਲੋਕ ਬਾਣੀ www.lokbani

## ਡਾ. ਬੀ.ਆਰ ਅੰਬੇਡਕਰ ਸਪੋਰਟਸ ਐਂਡ ਵੈਲਫੇਅਰ ਸੁਸਾਇਟੀ ਨੇ ਲਗਾਇਆ ਖੂਨਦਾਨ ਕੈਂਪ

ਫਗਵਾੜਾ ( ਸੁਸ਼ੀਲ ਸ਼ਰਮਾ )

ਡਾ. ਬੀ.ਆਰ ਅੰਬੇਡਕਰ ਸਪੋਰਟਸ ਐਂਡ ਵੈਲਫੇਅਰ ਸੁਸਾਇਟੀ ਪਿੰਡ ਗੰਢਵਾਂ ਵਲੋਂ ਬਲੱਡ ਸੈਂਟਰ ਆਫ ਅਰਥੋਨੋਵਾ ਹਸਪਤਾਲ ਜਲੰਧਰ ਦੇ ਸਹਿਯੋਗ ਨਾਲ ਬਾਬਾ ਸਾਹਿਬ ਡਾ. ਬੀ.ਆਰ ਅੰਬੇਡਕਰ ਜੀ ਦੇ ਪ੍ਰੀ-ਨਿਰਵਾਣ ਦਿਵਸ ਨੂੰ ਸਮਰਿਪਤ ਦੂਸਰਾ ਖੂਨਦਾਨ ਕੈਂਪ ਪਿੰਡ ਗੰਢਵਾਂ ਵਿਖੇ ਲਗਾਇਆ ਗਿਆ, ਇਸ ਮੌਕੇ ਮਨਜੀਤ ਮਾਨ ਸਰਪੰਚ, ਹਰਵਿੰਦਰ ਕੁਮਾਰ ਪੰਚ, ਇਕਬਾਲ ਸਿੰਘ ਗੰਢਮ ਪੰਚ, ਹਰਜੀਤ ਸਿੰਘ ਪੰਚ, ਦਰਸ਼ਨਾ ਪੰਚ, ਰਾਣੀ ਪੰਚ, ਰਾਜ ਰਾਣੀ ਪੰਚ, ਤੀਰਥ ਕੌਰ ਪੰਚ, ਜਸਵਿੰਦਰ ਕੁਮਾਰ ਸਾਬਕਾ ਸਰਪੰਚ, ਮਨਜਿੰਦਰ ਕੁਮਾਰ ਫਰਾਂਸ, ਮਨਦੀਪ ਕੁਮਾਰ ਯੂ.ਐਸ.ਏ., ਮਨਜਿੰਦਰ ਕੁਮਾਰ ਅਤੇ ਹੋਰ ਮੋਹਤਬਰ ਵਿਅਕਤੀ ਹਾਜਰ ਸਨ। ਇਸ ਮੌਕੇ ਡਾ. ਬੀ.ਆਰ ਅੰਬੇਡਕਰ ਸਪੋਰਟਸ ਐਂਡ ਵੈਲਫੇਅਰ ਸੁਸਾਇਟੀ ਗੰਢਵਾਂ ਅਤੇ ਗੁਰੂ ਰਵਿਦਾਸ ਗੁਰੂਦੁਆਰਾ ਪ੍ਰਬੰਧਕ ਕਮੇਟੀ ਦੇ ਸਮੂਹ ਕਮੇਟੀ ਮੈਂਬਰ ਵੀ ਹਾਜਰ ਸਨ। ਇਸ ਖੂਨਦਾਨ ਕੈਂਪ ਵਿਚ 40 ਦੇ ਕਰੀਬ ਲੋਕਾਂ ਨੇ ਭਾਗ ਲਿਆ ਅਤੇ ਖੂਨਦਾਨ ਕੀਤਾ। ਸਮੂਹ ਗ੍ਰਾਮ ਪੰਚਾਇਤ ਪਿੰਡ ਗੰਢਵਾਂ ਅਤੇ ਸਮੂਹ ਕਮੇਟੀ ਮੈਂਬਰ ਅੰਬੇਡਕਰ ਸੁਸਾਇਟੀ ਗੰਢਵਾਂ ਵਲੋਂ ਖੂਨਦਾਨ ਕਰਨ ਵਾਲੇ ਨੌਜਵਾਨਾਂ, ਵਿਅਕਤੀਆਂ ਅਤੇ ਔਰਤਾਂ ਦਾ ਸਨਮਾਨ ਕੀਤਾ ਗਿਆ ਅਤੇ ਤਹਿਦਿਲੋਂ ਧੰਨਵਾਦ ਕੀਤਾ ਗਿਆ। ਇਸ ਵਿਸ਼ੇਸ਼ ਮੌਕੇ ਤੇ ਪਿੰਡ ਗੰਢਵਾਂ ਦੇ ਨੌਜਵਾਨ ਰੋਹਿਤ ਕੁਮਾਰ ਦਾ ਪਾਵਰ ਲਿਫਟਿੰਗ

ਰੋਜ਼ਾਨਾ ਲੋਕ ਬਾਣੀ www.lokbani





ਵਿੱਚ ਜਿਲ੍ਹਾ ਪੱਧਰ ਤੇ ਗੋਲਡ ਮੈਡਲ ਅਤੇ ਸਟੇਟ ਪੱਧਰ ਤੇ ਸਿਲਵਰ ਮੈਡਲ ਲੈ ਕੇ ਆਉਣ ਤੇ ਵਿਸ਼ੇਸ਼ ਸਨਮਾਨ ਕੀਤਾ ਗਿਆ।

## ਸ਼ੇਰਪੁਰ ਸਕੂਲ ਵਿੱਚ ਵੱਖ-ਵੱਖ ਵਿਸ਼ਿਆਂ ਸੰਬੰਧੀ ਮੇਲਾ ਲਗਾਇਆ ਗਿਆ

ਸ਼ੇਰਪੁਰ , ( ਹਰਜੀਤ ਸਿੰਘ ਕਾਤਿਲ , ਮਨਪ੍ਰੀਤ ਕੌਰ ) – ਰਾਜ ਵਿਦਿਅਕ ਅਤੇ ਖੋਜ ਸਿਖਲਾਈ ਪਰਿਸ਼ਦ ਪੰਜਾਬ ਅਤੇ ਸਿੱਖਿਆ ਸਕੂਲ ਵੱਲੋਂ ਵੱਖ-ਵੱਖ ਵਿਸ਼ਿਆਂ ਵਿੱਚ ਲਰਨਿੰਗ ਇਨਹੈਂਸਮੈਂਟ ਪ੍ਰੋਗਰਾਮ ਅਤੇ ਐਕਸਪੈਰੀਮੈਂਟਲ ਲਰਨਿੰਗ ਨੂੰ ਪਰੋਤ ਸਾਹਿਤ ਕਰਨ ਅਤੇ ਲਰਨਿੰਗ ਬਾਏ ਡੂਇੰਗ ਦੇ ਸਿਧਾਂਤ ਦੀ ਵਰਤੋਂ ਕਰਕੇ ਵਿਦਿਆਰਥੀਆਂ ਵਿੱਚ ਉਹਨਾਂ ਵੱਲੋਂ ਔਖੇ ਸਮਝੇ ਜਾਣ ਵਾਲੇ ਵਿਸ਼ਿਆਂ ਵਿੱਚ ਰੌਚਕਤਾ ਪੈਦਾ ਕਰਨ ਲਈ ਮੇਲੇ ਲਗਾਏ ਗਏ । ਜਿਸ ਅਧੀਨ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਸ਼ੇਰਪੁਰ ਵਿਖੇ ਮੈਡਮ ਕੁਲਵਿੰਦਰ ਕੌਰ ਦੀ ਅਗਵਾਈ ਹੇਠ ਛੇਵੀਂ ਤੋਂ ਬਾਰਵੀਂ ਤੱਕ ਦੇਵਿਦਿਆਰਥੀਆਂ ਲਈ ਗਣਿਤ ਵਿਗਿਆਨ ਕਮਰਸ ਅਤੇ ਆਰਟਸ ਵਿਸ਼ਿਆਂ ਨੂੰ ਸੌਖੇ ਤਰੀਕੇ ਨਾਲ ਪੜ੍ਹਨ ਅਤੇ ਸਮਝਣ ਲਈ ਵੱਖ ਵੱਖ ਚਾਰਟ ਅਤੇ ਪ੍ਰੋਜੈਕਟਾਂ ਰਾਹੀਂ



ਬੱਚਿਆਂ ਨੂੰ ਗਤੀਵਿਧੀਆਂ ਕਰਵਾਈਆਂ ਗਈਆਂ। ਜਿਸ ਵਿੱਚ ਸਾਰੇ ਹੀ ਵਿਦਿਆਰਥੀਆਂ ਨੇ ਵੱਧ ਚੜ ਕੇ ਹਿੱਸਾ ਲਿਆ ਤੇ ਬੜੀ ਰੌਚਕਤਾ ਨਾਲ ਸਾਰੇ ਵਿਸ਼ਿਆਂ ਦੀਆਂ ਗਤੀਵਿਧੀਆਂ ਨੂੰ ਪਰਖਿਆ । ਗਣਿਤ ਵਿਸ਼ੇ ਦੇ ਮੇਲੇ ਲਈ ਗੁਰਪ੍ਰੀਤ ਸਿੰਘ, ਜਗਮੀਤ ਸਿੰਘ , ਸਾਇੰਸ ਵਿੱਸ਼ੇ ਲਈ ਸ਼ੁਭਨੀਤ ਕੌਰ,ਸਪਿੰਦਰ ਕੌਰ, ਸਰਬਜੀਤ ਕੌਰ , ਕੋਮਲਪ੍ਰੀਤ ਕੌਰ ਨੇ ਤਿਆਰੀ ਕਰਵਾਈ।ਇਸੇ ਤਰ੍ਹਾਂ ਕਮਰਸ ਗਰੁੱਪ ਲਈ ਮੈਡਮ ਲੈਕਚਰਾਰ ਪ੍ਰਮਿਲਾ, ਰਾਜੇਸ਼ ਆਰੀਆ ਨੇ ਅਤੇ ਆਰਟਸ ਵਿੱਚ ਮਲਕੀਤ ਸਿੰਘ, ਸ਼ਸ਼ੀਪਾਲ ਜੀ ਨੇ ਚੋਣਾਂ ਸਬੰਧੀ ਕਿਰਿਆਵਾਂ ਕਰਵਾਈਆਂ। ਇਸ ਮੌਕੇ ਬਾਕੀ ਅਧਿਆਪਕਾਂ ਨੇ ਵੀ ਹਿੱਸਾ ਲਿਆ। ਵਿਦਿਆਰਥੀਆਂ ਵੱਲੋਂ ਲਗਾਏ ਇਸ ਵਿੱਦਿਅਕ ਮੇਲੇ ਵਿੱਚ ਜਾ ਕੇ ਦਰਸ਼ਕ ਰੂਪ ਵਿੱਚ ਹਾਜਰੀ ਲਗਵਾਈ।

ਰੋਜ਼ਾਨਾ ਲੋਕ ਬਾਣੀ www.lokbani

# ਕ੍ਰਿਸ਼ਨ ਗਊਸ਼ਾਲਾ ਚ ਇਕ ਹੋਰ ਗਾਂ ਦੀ ਮੌਤ, ਹਿੰਦੂ ਸੰਗਠਨਾਂ ਨੇ ਪ੍ਰਸ਼ਾਸਨ ਦੀ ਦੇਖ-ਰੇਖ ਚ ਕੀਤਾ ਅੰਤਿਮ ਸੰਸਕਾਰ

ਫਗਵਾੜਾ 10 ਦਸੰਬਰ (ਸੁਸ਼ੀਲ ਸ਼ਰਮਾ )) ਫਗਵਾੜਾ ਦੇ ਮੇਹਲੀ ਗੇਟ ਸਥਿਤ ਸ਼੍ਰੀ ਕ੍ਰਿਸ਼ਨ ਗਊਸ਼ਾਲਾ ਵਿਖੇ ਐਤਵਾਰ ਰਾਤ ਨੂੰ ਜ਼ਹਿਰੀਲਾ ਪਦਾਰਥ ਨਿਗਲਣ ਕਾਰਨ 22 ਗਾਵਾਂ ਦੀ ਦਰਦਨਾਕ ਮੌਤ ਤੋਂ ਬਾਅਦ ਮੰਗਲਵਾਰ ਨੂੰ ਇਕ ਹੋਰ ਗਾਂ ਦੀ ਮੌਤ ਹੋ ਗਈ। ਜਿਨ੍ਹਾਂ ਦਾ ਅੰਤਿਮ ਸੰਸਕਾਰ ਹਿੰਦੂ ਸੰਗਠਨਾਂ ਵੱਲੋਂ ਪ੍ਰਸ਼ਾਸਨ ਦੀ ਦੇਖ-ਰੇਖ ਹੇਠ ਸਥਾਨਕ ਹੁਸ਼ਿਆਰਪੁਰ ਰੋਡ ਤੇ ਸਥਿਤ ਨਗਰ ਨਿਗਮ ਦੀ ਇਮਾਰਤ ਚ ਪੂਰੀ ਰਸਮਾਂ ਨਾਲ ਕੀਤਾ ਗਿਆ । ਜਾਣਕਾਰੀ ਦਿੰਦੇ ਹੋਏ ਹਿੰਦੂ ਨੇਤਾਵਾਂ ਇੰਦਰਜੀਤ ਕਰਵਲ, ਦੀਪਕ ਭਾਰਦਵਾਜ ਅਤੇ ਗੁਰਦੀਪ ਸੈਣੀ ਨੇ ਦੱਸਿਆ ਕਿ ਮੰਗਲਵਾਰ ਸਵੇਰੇ ਇਕ ਹੋਰ ਗਾਂ ਦੀ ਮੌਤ ਹੋ ਗਈ। ਹੁਣ ਤੱਕ ਕੁੱਲ 23 ਗਾਵਾਂ ਦੀ ਮੌਤ ਹੋ ਚੁੱਕੀ ਹੈ। 22 ਗਾਵਾਂ ਦਾ ਪੋਸਟਮਾਰਟਮ ਤੋਂ ਬਾਅਦ ਸੋਮਵਾਰ ਰਾਤ ਸਤਲੁਜ ਦਰਿਆ ਦੇ ਕੰਢੇ ਫਿਲੌਰ ਵਿਖੇ ਅੰਤਿਮ ਸੰਸਕਾਰ ਕਰ ਦਿੱਤਾ ਗਿਆ। ਇੰਦਰਜੀਤ ਕਰਵਲ ਅਤੇ ਦੀਪਕ ਭਾਰਦਵਾਜ ਨੇ ਇਸ ਮਾਮਲੇ ਨੂੰ ਗਊ ਹੱਤਿਆ ਨਾਲ ਜੋੜਨ ਵਰਗੇ ਬਿਆਨ ਦੇਣ ਵਾਲਿਆਂ ਦੀ ਨਿਖੇਧੀ ਕਰਦਿਆਂ ਭਰੋਸਾ ਪ੍ਰਗਟਾਇਆ ਕਿ ਪੋਸਟ ਮਾਰਟਮ ਦੀ ਰਿਪੋਰਟ ਆਉਣ ਤੋਂ ਬਾਅਦ ਪ੍ਰਸ਼ਾਸਨ ਆਪਣੇ ਵਾਅਦੇ ਅਨੁਸਾਰ ਵੀਰਵਾਰ ਤੱਕ ਗਊ ਹੱਤਿਆ ਦਾ ਭੇਤ ਸੁਲਝਾਉਣ ਵਿੱਚ ਕਾਮਯਾਬ ਹੋ ਜਾਵੇਗਾ। ਇਸ ਮੌਕੇ ਗਊਸ਼ਾਲਾ ਮੁਖੀ ਰਾਕੇਸ਼ ਗੌਸਾਈ, ਸਾਬੀ ਟੋਹਰੀ, ਐੱਸ.ਐੱਚ.ਓ. ਅਮਨਦੀਪ ਨਾਹਰ ਅਤੇ ਹੋਰ ਪਤਵੰਤੇ ਹਾਜ਼ਰ ਸਨ।

ਰੋਜ਼ਾਨਾ ਲੋਕ ਬਾਣੀ www.lokbani



# ਅਜੀਤ ਸੈਣੀ ਯਾਦਗਾਰੀ ਪੁਰਸਕਾਰ ਲਖਵਿੰਦਰ ਸਿੰਘ ਜੌਹਲ ਨੂੰ ਭੇਟ




ਜਲੰਧਰ/ ਫਗਵਾੜਾ (ਸੁਸ਼ੀਲ ਸ਼ਰਮਾ ) ਜਲੰਧਰ ਵੈਲਫੇਅਰ ਸੋਸਾਇਟੀ ਵੱਲੋਂ ਅੱਜ ਇੱਥੇ ਇੱਕ ਭਾਵਪੂਰਤ ਸਮਾਗਮ ਕਰਕੇ ਉੱਘੇ ਸੁਤੰਤਰਤਾ ਸੈਨਾਨੀ ਅਜੀਤ ਸੈਣੀ ਦੀ ਯਾਦ ਵਿੱਚ ਦਿੱਤੇ ਜਾਣ ਵਾਲਾ ਅਜੀਤ ਸੈਣੀ ਯਾਦਗਾਰੀ ਪੁਰਸਕਾਰ ਉੱਘੇ ਕਵੀ ਡਾਕਟਰ ਲਖਵਿੰਦਰ ਸਿੰਘ ਜੌਹਲ ਨੂੰ ਭੇਂਟ ਕੀਤਾ ਗਿਆ। ਪੰਜਾਬ ਪ੍ਰੈਸ ਕਲੱਬ ਜਲੰਧਰ ਵਿਖੇ ਹੋਏ ਇਸ ਸਮਾਗਮ ਦੀ ਪ੍ਰਧਾਨਗੀ ਸੁਸਾਇਟੀ ਦੀ ਪ੍ਰਧਾਨ ਡਾਕਟਰ ਸੁਸ਼ਮਾ ਚਾਵਲਾ ਨੇ ਕੀਤੀ। ਸਮਾਗਮ ਦੇ ਮੁੱਖ ਮਹਿਮਾਨ ਉੱਘੇ ਹਿੰਦੀ ਲੇਖਕ ਸੁਰੇਸ਼ ਸੇਠ ਸਨ। ਪ੍ਰਧਾਨਗੀ ਮੰਡਲ ਵਿੱਚ ਉੱਘੇ ਪੱਤਰਕਾਰ ਸਤਨਾਮ ਸਿੰਘ ਮਾਣਕ ਅਤੇ ਡਾਕਟਰ ਕਮਲੇਸ਼ ਸਿੰਘ ਦੁੱਗਲ ਵੀ ਸ਼ਾਮਿਲ ਰਹੇ। ਉੱਘੇ ਪੱਤਰਕਾਰ ਅਤੇ ਕਹਾਣੀਕਾਰ ਕੁਲਦੀਪ ਸਿੰਘ ਬੇਦੀ, ਆਪਣੀ ਆਵਾਜ਼ ਮੈਗਜ਼ੀਨ ਦੇ ਮੁੱਖ ਸੰਪਾਦਕ ਸੁਰਿੰਦਰ ਸਿੰਘ ਸੁੰਨੜ, ਡਾਕਟਰ ਸੁਸ਼ਮਾ ਚਾਵਲਾ, ਯੂਨੀਵਰਸਿਟੀ ਕਾਲਜ ਜਲੰਧਰ ਦੇ ਓਐਸਡੀ ਡਾਕਟਰ ਕਮਲੇਸ਼ ਸਿੰਘ ਦੁੱਗਲ ਅਤੇ ਸਤਨਾਮ ਸਿੰਘ ਮਾਣਕ ਨੇ ਅਜੀਤ ਸੈਣੀ ਅਤੇ ਡਾਕਟਰ ਲਖਵਿੰਦਰ ਸਿੰਘ ਜੌਹਲ ਦੀਆਂ ਸਖਸ਼ੀਅਤਾਂ ਅਤੇ ਘਾਲਣਾਵਾਂ ਦਾ ਜ਼ਿਕਰ ਕੀਤਾ,ਅਤੇ ਕਿਹਾ ਕਿ ਸੁਸਾਇਟੀ ਦੀ ਚੋਣ ਸ਼ਲਾਘਾਯੋਗ ਹੈ। ਸੋਸਾਇਟੀ ਦੇ ਅਹੁਦੇਦਾਰਾਂ ਐਚ.ਐਸ.ਕਾਲੜਾ,ਦੀਪਕ ਸ਼ਰਮਾ,ਅਤੇ ਕਰਨਲ ਜਗਦੀਪ ਸਿੰਘ ਸੈਣੀ ਦੇ ਨਾਲ ਨਾਲ ਸਮਾਗਮ ਵਿੱਚ ਡਾਕਟਰ ਉਮਿੰਦਰ ਸਿੰਘ ਜੌਹਲ ਦੁਆਬਾ ਕਾਲਜ, ਗੁਰਮੀਤ ਸਿੰਘ ਵਿਰਸਾ ਵਿਹਾਰ, ਮਲਕੀਤ ਸਿੰਘ ਬਰਾੜ ਅੱਜ ਦੀ ਆਵਾਜ਼ ਅਤੇ ਬਲਦੇਵ ਕਿਸ਼ੋਰ ਸਮੇਤ ਉੱਘੇ ਪੱਤਰਕਾਰ ਅਤੇ ਸਾਹਿਤਕਾਰ ਹਾਜ਼ਰ ਰਹੇ। ਸਮਾਗਮ ਦੇ ਆਰੰਭ ਵਿੱਚ ਸੁਸਾਇਟੀ ਦੇ ਜਨਰਲ ਸਕੱਤਰ ਸੁਰਿੰਦਰ ਸੈਣੀ ਨੇ ਅਜੀਤ ਸੈਣੀ ਦੇ ਜੀਵਨ ਸੰਘਰਸ਼ ਬਾਰੇ ਚਾਨਣਾ ਪਾਇਆ। ਡਾਕਟਰ ਲਖਵਿੰਦਰ ਸਿੰਘ ਜੌਹਲ ਨੇ ਆਪਣੇ ਭਾਸ਼ਣ ਵਿੱਚ ਸੁਸਾਇਟੀ ਦਾ ਧੰਨਵਾਦ ਕਰਦਿਆਂ ਅਜੀਤ ਸੈਣੀ ਨਾਲ ਬਿਤਾਏ ਸਾਲਾਂ ਦਾ ਬੇਹੱਦ ਭਾਵੁਕਤਾ ਨਾਲ ਜ਼ਿਕਰ ਕੀਤਾ।

# ਕਾਨਪੁਰ ਵਿੱਚ ਰਫ਼ਤਾਰ ਨੇ ਦੋ ਹੋਰ ਨੌਜਵਾਨਾਂ ਦੀ ਜਾਨ ਨਿਗਲ ਲਈ



ਕਾਨਪੁਰ:(ਸੁਨੀਲ ਬਾਜਪਾਈ) ਇੱਥੇ ਤੇਜ਼ ਰਫ਼ਤਾਰ ਨਾਲ ਗੱਡੀ ਚਲਾਉਣ ਦੀ ਆਦਤ ਹਰ ਰੋਜ਼ ਲੋਕਾਂ ਨੂੰ ਮੌਤ ਦੇ ਮੂੰਹ ਵਿੱਚ ਜਾਣ ਲਈ ਮਜਬੂਰ ਕਰ ਰਹੀ ਹੈ।

ਅਜਿਹੀ ਹੀ ਇੱਕ ਘਟਨਾ ਵਿੱਚ ਆਪਣੇ ਪਰਿਵਾਰ ਦਾ ਗੁਜ਼ਾਰਾ ਚਲਾਉਣ ਲਈ ਮਜ਼ਦੂਰੀ ਕਰ ਰਹੇ ਦੋ ਨੌਜਵਾਨਾਂ ਦੀ ਤੇਜ਼ ਰਫ਼ਤਾਰ ਟੱਕਰ ਕਾਰਨ ਮੌਕੇ 'ਤੇ ਹੀ ਮੌਤ ਹੋ ਗਈ। ਦੋਵੇਂ ਨੇੜਲੇ ਫਤਿਹਪੁਰ ਜ਼ਿਲ੍ਹੇ ਦੇ ਔਂਗ ਵਿੱਚ ਇੱਕ ਵਿਆਹ ਸਮਾਗਮ ਵਿੱਚ ਸ਼ਾਮਲ ਹੋਣ ਜਾ ਰਹੇ ਸਨ। ਦੋਵਾਂ ਨਾਲ ਇਹ ਘਟਨਾ ਚਕੇਰੀ ਥਾਣਾ ਖੇਤਰ ਦੇ ਕੋਇਲਾ ਨਗਰ ਚ ਵਾਪਰੀ। ਪੁਲਸ ਨੇ ਦੋਵੇਂ ਲਾਸ਼ਾਂ ਨੂੰ ਪੋਸਟਮਾਰਟਮ ਲਈ ਭੇਜ ਕੇ ਟਰੱਕ ਨੂੰ ਬਰਾਮਦ ਕਰ ਲਿਆ ਹੈ ਅਤੇ ਫਰਾਰ ਡਰਾਈਵਰ ਦੀ ਵੀ ਭਾਲ ਕੀਤੀ ਜਾ ਰਹੀ ਹੈ।

ਘਟਨਾ ਸਬੰਧੀ ਪ੍ਰਾਪਤ ਜਾਣਕਾਰੀ ਅਨੁਸਾਰ ਪੰਕੀ ਵਾਸੀ ਮੋਹਿਤ ਪਾਸਵਾਨ (22) ਅਤੇ ਸਤਿਅਮ ਪਾਸਵਾਨ (20) ਚਚੇਰੇ ਭਰਾ ਸਨ। ਪਰਿਵਾਰਕ ਮੈਂਬਰਾਂ ਅਨੁਸਾਰ ਦੋਵੇਂ ਸੋਮਵਾਰ ਰਾਤ ਕਰੀਬ 8 ਵਜੇ ਬਾਈਕ ਤੇ ਔਂਗ ਲਈ ਰਵਾਨਾ ਹੋਏ ਸਨ। ਉੱਥੇ ਉਸ ਨੇ ਇੱਕ ਵਿਆਹ ਸਮਾਗਮ ਵਿੱਚ ਜਾਣਾ ਸੀ। ਕੋਇਲਾ ਨਗਰ ਨੇੜੇ ਉਸ ਦੀ ਬਾਈਕ ਨੂੰ ਇਕ ਟਰੱਕ ਨੇ ਪਿੱਛੇ ਤੋਂ ਟੱਕਰ ਮਾਰ ਦਿੱਤੀ। ਜਿਸ ਕਾਰਨ ਉਹ ਅੱਗੇ ਖੜ੍ਹੇ ਟਰੱਕ ਨਾਲ ਜਾ ਟਕਰਾਇਆ ਅਤੇ ਫਿਰ ਡਿਵਾਈਡਰ ਨਾਲ ਜਾ ਟਕਰਾਇਆ। ਦੋਵਾਂ ਦੀ ਮੌਕੇ ਤੇ ਹੀ ਮੌਤ ਹੋ ਗਈ।

ਮੌਕੇ ਤੇ ਪਹੁੰਚੇ ਪਰਿਵਾਰਕ ਮੈਂਬਰਾਂ ਵੱਲੋਂ ਪੁਲਿਸ ਨੂੰ ਦਿੱਤੀ ਜਾਣਕਾਰੀ ਅਨੁਸਾਰ ਉਹ ਮਜ਼ਦੂਰੀ ਕਰਕੇ ਪਰਿਵਾਰ ਦਾ ਗੁਜ਼ਾਰਾ ਚਲਾ ਰਿਹਾ ਸੀ । ਪਿਤਾ ਸੁਰੇਂਦਰ ਪਾਸਵਾਨ ਅਤੇ ਮਾਂ ਰੰਨੋ ਤੋਂ ਇਲਾਵਾ ਮੋਹਿਤ ਦੇ ਪਰਿਵਾਰ ਵਿੱਚ ਚਾਰ ਹੋਰ ਭਰਾ ਹਨ। ਜਿਸ ਵਿੱਚ ਗੋਲੂ, ਅਮਿਤ ਸੁਮਿਤ ਅਤੇ ਮਹਿੰਦਰ ਵੀ ਛੋਟੀਆਂ-ਛੋਟੀਆਂ ਨੌਕਰੀਆਂ ਕਰਕੇ ਪਰਿਵਾਰ ਦਾ ਆਰਥਿਕ ਤੌਰ ਤੇ ਗੁਜ਼ਾਰਾ ਕਰਦੇ ਹਨ। ਇਸੇ ਤਰ੍ਹਾਂ ਪਿਤਾ ਵੀਰੇਂਦਰ, ਮਾਂ ਅਨੀਤਾ ਤੋਂ ਇਲਾਵਾ, ਸਤਿਅਮ ਦੇ ਪਰਿਵਾਰ ਵਿੱਚ ਤਿੰਨ ਹੋਰ ਭਰਾ ਅਰੁਣ, ਸੁੰਦਰਮ ਅਤੇ ਲਵਕੁਸ਼ ਹਨ। ਸੁਰਿੰਦਰ ਅਤੇ ਸਤਿਅਮ ਦਿਹਾੜੀਦਾਰ ਮਜ਼ਦੂਰ ਸਨ। ਪੁਲਿਸ ਨੇ ਦੱਸਿਆ ਕਿ ਇਸ ਸਬੰਧੀ ਰਿਪੋਰਟ ਦਰਜ ਕਰਕੇ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ।

# ਡੀ.ਏ.ਵੀ ਇੰਟਰਨੈਸ਼ਨਲ ਸਕੂਲ ਵਿਖੇ 12ਵੀਂ ਜਮਾਤ ਦੇ ਵਿਦਿਆਰਥੀਆਂ ਲਈ ਕਰੀਅਰ ਗਾਈਡੈਂਸ ਤੇ ਸੈਮੀਨਾਰ ਦਾ ਆਯੋਜਨ

ਫ਼ਗਵਾੜਾ (ਸੁਸ਼ੀਲ ਸ਼ਰਮਾ) ਡੀ.ਏ.ਵੀ.ਇੰਟਰਨੈਸ਼ਨਲ ਸਕੂਲ ਵਿਖੇ 12ਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਉਚੇਰੀ ਸਿੱਖਿਆ ਅਤੇ ਕਾਰੋਬਾਰ ਅਤੇ ਜ਼ਿੰਦਗੀ ਦੀ ਸ਼ੁਰੂਆਤ ਦੀ ਚੋਣ ਬਾਰੇ ਜਾਗਰੂਕ ਕਰਨ ਲਈ ਪਿ੍ਰੰਸੀਪਲ ਡਾ. ਅੰਜਨਾ ਗੁਪਤਾ ਦੀ ਪ੍ਰਧਾਨਗੀ ਹੇਠ ਸੈਮੀਨਾਰ ਕਰਵਾਇਆ ਗਿਆ । ਇਸ ਮੌਕੇ ਡੀ.ਏ.ਵੀ. ਕਾਲਜ ਅੰਮ੍ਰਿਤਸਰ ਦੇ ਪ੍ਰਿੰਸੀਪਲ ਡਾ.ਅਮਰਦੀਪ ਗੁਪਤਾ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਪ੍ਰੋ: ਡਾ.ਜੇ. ਜੇ. ਮਹਿੰਦਰਾ, ਡਾ.ਕਿਰਨ ਖੰਨਾ, ਡਾ.ਨੀਰਜ ਗੁਪਤਾ, ਡਾ.ਸ਼ਵੇਤਾ ਕਪੂਰ ਅਤੇ ਡਾ.ਨੀਰਜਾ ਨੇ ਵਿਦਿਆਰਥੀਆਂ ਦਾ ਮਾਰਗਦਰਸ਼ਨ ਕੀਤਾ ।



ਵਿਸ਼ਾ ਮਾਹਿਰਾਂ ਨੇ ਸਕੂਲ ਦੇ 12ਵੀਂ ਜਮਾਤ ਦੇ 300 ਦੇ ਕਰੀਬ ਵਿਦਿਆਰਥੀਆਂ ਨੂੰ ਦੱਸਿਆ ਕਿ 12ਵੀਂ ਜਮਾਤ ਵਿਦਿਆਰਥੀਆਂ ਦੇ ਜੀਵਨ ਵਿੱਚ ਵੱਡੀ ਤਬਦੀਲੀ ਦਾ ਸਮਾਂ ਹੈ। ਇਹ ਉਹ ਮਹੱਤਵਪੂਰਨ ਪਲ ਹੁੰਦਾ ਹੈ ਜਦੋਂ ਵਿਦਿਆਰਥੀ ਆਪਣੇ ਭਵਿੱਖ ਦੀ ਦਿਸ਼ਾ ਚੁਣਦੇ ਹਨ। ਇਹ ਚੋਣ ਬਹੁਤ ਸੋਚ-ਸਮਝ ਕੇ ਅਤੇ ਉਪਲਬਧ ਮੌਕਿਆਂ ਬਾਰੇ ਜਾਣਕਾਰੀ ਲੈਣ ਅਤੇ ਆਪਣੇ ਦਿਲ ਦੀ ਆਵਾਜ਼ ਸੁਣ ਕੇ ਕੀਤੀ ਜਾਣੀ ਚਾਹੀਦੀ ਹੈ। ਭਾਰਤੀ ਰੇਲਵੇ, ਵੈੱਬ ਡਿਜ਼ਾਈਨਿੰਗ, ਪੱਤਰਕਾਰੀ, ਫਿਲਮ ਮੇਕਿੰਗ, ਗ੍ਰਾਫਿਕ ਡਿਜ਼ਾਈਨਿੰਗ, ਮਨੁੱਖੀ ਸਰੋਤ ਪ੍ਰਬੰਧਨ ਅਤੇ ਹੋਰ ਬਹੁਤ ਸਾਰੇ ਅਜਿਹੇ ਖੇਤਰ ਹਨ ਜਿੱਥੇ ਉਹ ਆਪਣਾ ਭਵਿੱਖ ਬਣਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਅੰਮ੍ਰਿਤਸਰ ਦੇ ਡੀ.ਏ.ਵੀ. ਕਾਲਜ ਲੜਕਿਆਂ ਅਤੇ ਲੜਕੀਆਂ ਨੂੰ ਇੱਕੋ ਜਿਹੇ ਵਿਸ਼ਿਆਂ ਦੀ ਇੱਕ ਵਿਸ਼ਾਲ ਸ਼੍ਰੇਣੀ ਵਿੱਚ ਸ਼ਾਨਦਾਰ ਸਿੱਖਿਆ ਪ੍ਰਦਾਨ ਕਰਦਾ ਹੈ। ਹਰ ਸਾਲ ਵਿਗਿਆਨ, ਕਾਮਰਸ ਅਤੇ ਹਿਊਮੈਨਟੀਜ਼ ਦੇ ਹਰ ਖੇਤਰ ਵਿੱਚ ਬਹੁਤ ਸਾਰੇ ਵਿਦਿਆਰਥੀ ਯੂਨੀਵਰਸਿਟੀ ਦੀ ਪ੍ਰੀਖਿਆ ਵਿੱਚ ਵਧੀਆ ਪ੍ਰਦਰਸ਼ਨ ਕਰਦੇ ਹਨ ਅਤੇ ਮੈਰਿਟ ਸਥਾਨ ਪ੍ਰਾਪਤ ਕਰਦੇ ਹਨ। ਖੇਡਾਂ ਅਤੇ ਸੱਭਿਆਚਾਰਕ ਗਤੀਵਿਧੀਆਂ ਵਿੱਚ ਵਿਦਿਆਰਥੀਆਂ ਦੀਆਂ ਪ੍ਰਾਪਤੀਆਂ ਵੀ ਅਣਕਿਆਸੇ ਹਨ। ਅਰਸ਼ਪ੍ਰੀਤ ਅਤੇ ਅਭਿਸ਼ੇਕ ਸ਼ਰਮਾ ਵਰਗੇ ਕ੍ਰਿਕਟ ਖਿਡਾਰੀ ਇਸ ਕਾਲਜ ਦਾ ਯੋਗਦਾਨ ਹਨ ਅਤੇ ਦੇਸ਼ ਦਾ ਮਾਣ ਵਧਾ ਰਹੇ ਹਨ। ਸਾਰੇ ਵਿਸ਼ਾ ਮਾਹਿਰਾਂ ਨੇ ਵਿਦਿਆਰਥੀਆਂ ਵੱਲੋਂ ਪੁੱਛੇ ਸਵਾਲਾਂ ਦੇ ਢੁਕਵੇਂ ਜਵਾਬ ਦਿੱਤੇ ਅਤੇ ਉਨ੍ਹਾਂ ਦੇ ਸ਼ੰਕਿਆਂ ਦਾ ਨਿਪਟਾਰਾ ਕੀਤਾ। ਪਿ੍ਰੰਸੀਪਲ ਡਾ: ਅੰਜਨਾ ਗੁਪਤਾ ਨੇ ਵਿਦਿਆਰਥੀਆਂ ਨੂੰ ਅਜਿਹੀ ਮਹੱਤਵਪੂਰਨ ਜਾਣਕਾਰੀ ਦੇਣ ਲਈ ਸਾਰਿਆਂ ਦਾ ਧੰਨਵਾਦ ਕੀਤਾ ।

# 8ਵੀਂ ਵਰ੍ਹੇਗੰਢ ਮੁਬਾਰਕ



ਅਵਤਾਰ ਸਿੰਘ ਤੇ ਅਮਨਦੀਪ ਕੌਰ ਵਾਸੀ ਅਠੋਲਾ (ਜਲੰਧਰ) ਨੂੰ ਉਹਨਾਂ ਦੇ ਵਿਆਹ ਦੀ 8ਵੀਂ ਵਰ੍ਹੇਗੰਢ ਦੀਆਂ ਪ੍ਰਸਿੱਧ ਲੇਖਕ ਤੇ ਪੱਤਰਕਾਰ ਜਗਜੀਤ ਸਿੰਘ ਬਾਰੂ ਸੱਗੂ, ਸ਼ੌਕੀ ਹਰਦਾਸਪੁਰ, ਫਗਵਾੜਾ, ਗਾਇਕਾ ਮਨਦੀਪ ਲੱਕੀ ਤੇ ਅਦਾਰਾ ਲੋਕ ਬਾਣੀ ਅਖ਼ਬਾਰ ਸਮੂਹ ਸਟਾਫ ਵੱਲੋਂ ਬਹੁਤ ਬਹੁਤ ਮੁਬਾਰਕਾਂ

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਰੋਟਰੀ ਕਲੱਬ ਫਗਵਾੜਾ ਜੈਮਸ ਵੱਲੋਂ ਕਰਵਾਏ ਫੁੱਲਾਂ ਦੀ ਸਜਾਵਟ ਮੁਕਾਬਲੇ 'ਚ ਮਾਂ ਅੰਬੇ ਪਬਲਿਕ ਸਕੂਲ ਬਣਿਆ ਜੇਤੂ







ਫਗਵਾੜਾ ( ਸੁਸ਼ੀਲ ਸ਼ਰਮਾ ) ਰੋਟਰੀ ਕਲੱਬ ਫਗਵਾੜਾ ਜੈਮਸ ਵਲੋਂ ਕਲੱਬ ਦੇ ਪ੍ਰਧਾਨ ਰੋਟੇਰੀਅਨ ਪਵਨ ਕੁਮਾਰ ਕਾਲੜਾ ਦੀ ਪ੍ਰਧਾਨਗੀ ਹੇਠ ਅਤੇ ਕਲੱਬ ਦੇ ਸਕੱਤਰ ਰੋਟੇਰੀਅਨ ਰਾਕੇਸ਼ ਸੂਦ (ਪ੍ਰੋਜੈਕਟ ਡਾਇਰੈਕਟਰ), ਸਹਾਇਕ ਪ੍ਰੋਜੈਕਟ ਡਾਇਰੈਕਟਰ ਰੋਟੇਰੀਅਨ ਅਸ਼ੀਸ਼ ਕਾਲੜਾ ਤੇ ਰਜਤ ਮਿੱਤਲ ਦੀ ਦੇਖ-ਰੇਖ ਹੇਠ ਸਥਾਨਕ ਡਾ. ਅੰਬੇਦਕਰ ਆਡੀਟੋਰੀਅਮ ਰੈਸਟ ਹਾਊਸ ਫਗਵਾੜਾ ਵਿਖੇ ਕਰਵਾਏ ਗਏ ਵਾਤਾਵਰਨ ਮੇਲੇ ਦੌਰਾਨ ਫੁੱਲਾਂ ਦੀ ਸਜਾਵਟ ਦੇ ਮੁਕਾਬਲੇ ਕਰਵਾਏ ਗਏ। ਫਰੈਸ਼ ਫਲਾਵਰ ਅਤੇ ਡਰਾਈ ਫਲਾਵਰ ਗਰੁੱਪ ਵਿੱਚ ਕਰਵਾਏ ਗਏ ਇਹਨਾਂ ਮੁਕਾਬਲਿਆਂ ਵਿੱਚ ਰੋਟਰੀ ਡਿਸਟ੍ਰਿਕਟ 3070 ਦੇ ਡਿਸਟ੍ਰਿਕਟ ਸਲਾਹਕਾਰ ਰੋਟੇਰੀਅਨ ਵਿਜੇ ਸਹਿਦੇਵ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਅੱਜ ਜੋ ਵਾਤਾਵਰਣ ਪ੍ਰਦੂਸ਼ਿਤ ਹੋ ਰਿਹਾ ਹੈ, ਉਸ ਨੂੰ ਬਚਾਉਣ ਲਈ ਸਾਨੂੰ ਸਾਰਿਆਂ ਨੂੰ ਮਿਲ ਕੇ ਉਪਰਾਲੇ ਕਰਨੇ ਚਾਹੀਦੇ ਹਨ। ਉਨ੍ਹਾਂ ਨੇ ਕਿਹਾ ਕਿ ਰੋਟਰੀ ਕਲੱਬ ਜੈਮਸ ਇਸ ਕਾਰਜ ਵਿੱਚ ਆਪਣਾ ਅਹਿਮ ਯੋਗਦਾਨ ਪਾ ਰਿਹਾ ਹੈ। ਅਜਿਹੇ ਮੁਕਾਬਲਿਆਂ ਦੇ ਆਯੋਜਨ ਨਾਲ ਆਮ ਨਾਗਰਿਕਾਂ ਵਿੱਚ ਵਾਤਾਵਰਨ ਦੀ ਸੰਭਾਲ ਪ੍ਰਤੀ ਜਾਗਰੂਕਤਾ ਪੈਦਾ ਹੁੰਦੀ ਹੈ। ਇਸ ਮੌਕੇ ਜਯੋਤੀ ਸਹਿਦੇਵ, ਸਨੇਹਾ ਬੱਗਾ ਅਤੇ ਸ਼ਿਵਾਨੀ ਮਿੱਤਲ ਦੀ ਜਿਊਰੀ ਨੇ ਦੋਵਾਂ ਗਰੁੱਪਾਂ ਵਿੱਚ ਮਾਂ ਅੰਬੇ ਪਬਲਿਕ ਸਕੂਲ ਨੂੰ ਜੇਤੂ ਕਰਾਰ ਦਿੱਤਾ। ਦੋਵਾਂ ਗਰੁੱਪਾਂ ਵਿੱਚ ਆਰੀਆ ਮਾਡਲ ਸੀਨੀਅਰ ਸੈਕੰਡਰੀ ਸਕੂਲ ਨੂੰ ਦੂਜਾ ਸਥਾਨ, ਹਨੂਮਤ ਇੰਟਰਨੈਸ਼ਨਲ ਪਬਲਿਕ ਸਕੂਲ ਨੂੰ ਡਰਾਈ ਫਲਾਵਰ ਗਰੁੱਪ ਵਿੱਚ ਤੀਜਾ ਸਥਾਨ ਅਤੇ ਕਮਲਾ ਨਹਿਰੂ ਪਬਲਿਕ ਸਕੂਲ ਨੂੰ ਕੌਂਸੋਲੇਸ਼ਨ ਇਨਾਮ ਨਾਲ ਸਨਮਾਨਿਤ ਕੀਤਾ ਗਿਆ। ਜਦਕਿ ਫਰੈਸ਼ ਫਲਾਵਰ ਗਰੁੱਪ ਵਿੱਚ ਤੀਜਾ ਸਥਾਨ ਕਮਲਾ ਨਹਿਰੂ ਪਬਲਿਕ ਸਕੂਲ ਨੂੰ ਮਿਲਿਆ। ਮੁੱਖ ਮਹਿਮਾਨ ਵਿਜੇ ਸਹਿਦੇਵ ਨੇ ਜੇਤੂ ਟੀਮਾਂ ਨੂੰ ਇਨਾਮ ਦੇ ਨਾਲ ਸ਼ੁੱਭ ਇੱਛਾਵਾਂ ਦਿੱਤੀਆਂ ਇਸ ਮੌਕੇ ਐੱਸ.ਪੀ. ਸੇਠੀ, ਆਈ.ਪੀ. ਖੁਰਾਣਾ, ਡਾ: ਚਿਮਨ ਅਰੋੜਾ, ਸਤੀਸ਼ ਜੈਨ, ਤਰੁਣ ਗਰਗ, ਹਰਭਜਨ ਸਿੰਘ ਲੱਕੀ, ਚੰਦਰਮੋਹਨ ਸ਼ਰਮਾ, ਅਨੂ ਸੇਠੀ, ਸੁਸ਼ਮਾ ਸ਼ਰਮਾ, ਦੀਪਕ ਬੱਗਾ, ਡਾ: ਨਰੋਤਮ ਖੇਤੀ ਆਦਿ ਹਾਜ਼ਰ ਸਨ।

# ਸ਼ੰਭੂ ਬਾਰਡਰ ਤੇ ਹਰਿਆਣਾ ਪੁਲਿਸ ਵੱਲੋਂ ਕਿਸਾਨਾਂ ਉੱਪਰ ਢਾਹੇ ਜ਼ੁਲਮ ਵਿਰੁੱਧ ਐਸਕੇਐਮ ਨੇ ਸਾੜਿਆ ਹਰਿਆਣਾ ਅਤੇ ਕੇਂਦਰ ਸਰਕਾਰ ਦਾ ਪੁਤਲਾ



ਗੁਰਦਾਸਪੁਰ -ਨਵਨੀਤ ਕੁਮਾਰ -

ਅੱਜ ਅੰਤਰਰਾਸ਼ਟਰੀ ਮਨੁੱਖੀ ਅਧਿਕਾਰ ਦਿਵਸ ਤੇ ਕਿਸਾਨਾਂ ਮਜ਼ਦੂਰਾਂ ਨੇ ਸੰਯੁਕਤ ਕਿਸਾਨ ਮੋਰਚੇ ਦੀ ਅਗਵਾਈ ਵਿੱਚ ਪਹਿਲਾਂ ਇਕੱਤਰ ਹੋ ਕੇ ਅੰਤਰਰਾਸ਼ਟਰੀ ਰਾਸ਼ਟਰੀ ਅਤੇ ਸੁਬਾਈ ਸਰਕਾਰਾਂ ਵੱਲੋਂ ਥਾਂ-ਥਾਂ ਮਨੁੱਖੀ ਅਧਿਕਾਰਾਂ ਉੱਪਰ ਹੋ ਰਹੇ ਜੁਲਮ ਸਬੰਧੀ ਚਰਚਾ ਕੀਤੀ ਅਤੇ ਮਗਰੋਂ ਜਲੂਸ ਦੀ ਸ਼ਕਲ ਵਿੱਚ ਡਾਕਖਾਨੇ ਚੌਂਕ ਵਿੱਚ ਇਕੱਤਰ ਹੋ ਕੇ ਕਿਸਾਨਾਂ ਉੱਪਰ ਸ਼ੰਭੂ ਬਾਰਡਰ ਤੇ ਮੋਦੀ ਸਰਕਾਰ ਦੇ ਹੁਕਮ ਤੇ ਹਰਿਆਣਾ ਸਰਕਾਰ ਵੱਲੋਂ ਕਿਸਾਨਾਂ ਨੂੰ ਪੈਦਲ ਵੀ ਦਿੱਲੀ ਜਾਣ ਤੋਂ ਰੋਕਣ ਅਤੇ ਕਿਸਾਨਾਂ ਤੇ ਅਥਰੂ ਗੈਸ ਦੇ ਗੋਲੇ ਤੇ ਰਬੜ ਦੀਆਂ ਗੋਲੀਆਂ ਚਲਾਉਣ ਦਾ ਜ਼ੁਲਮ ਕਰਨ ਵਿਰੁੱਧ ਪੁਤਲੇ ਸਾੜੇ । ਇਸ ਮੌਕੇ ਬੋਲਦਿਆਂ ਸੰਯੁਕਤ ਕਿਸਾਨ ਮੋਰਚੇ ਦੇ ਆਗੂਆਂ ਮੱਖਣ ਸਿੰਘ ਕੁਹਾੜ ਰਾਜ ਗੋਵਿੰਦਰ ਸਿੰਘ ਲਾਡੀ ਸੁਖਦੇਵ ਸਿੰਘ ਭਾਗੋਕਾਵਾਂ ਅਜੀਤ ਸਿੰਘ ਹੁੰਦਲ ਤਰਲੋਕ ਸਿੰਘ ਬਹਿਰਾਮਪੁਰ ਗੁਰਵਿੰਦਰ ਸਿੰਘ ਜੀਵਨ ਚੱਕ ਅਸ਼ੋਕ ਭਾਰਤੀ ਰਘਬਿਰ ਸਿੰਘ ਚਾਹਲ ਬਚਣ ਸਿੰਘ ਭੰਬੋਈ ਆਦਿ ਨੇ ਆਖਿਆ ਕਿ ਕੇਂਦਰ ਸਰਕਾਰ ਹੱਕ ਮੰਗਦੇ ਲੋਕਾਂ ਖਾਸ ਕਰਕੇ ਕਿਸਾਨਾਂ ਉੱਪਰ ਉਹਨਾਂ ਦੀਆਂ ਮੰਗਾਂ ਮੰਨਣ ਦੀ ਬਜਾਏ ਉਹਨਾਂ ਉੱਪਰ ਜੁਲਮ ਢਾਹ ਰਹੀ ਹੈ। ਇਹ ਮਨੁੱਖੀ ਅਧਿਕਾਰਾਂ ਦਾ ਘਾਣ ਹੈ। ਇਹ ਐਸਾ ਜ਼ੁਲਮ ਹੈ ਜਿਸ ਨੂੰ ਇਤਿਹਾਸ ਕਦੇ ਮੁਆਫ ਨਹੀਂ ਕਰੇਗਾ ਨਾ ਹੀ ਮੋਦੀ ਨੂੰ ਅਤੇ ਨਾ ਹੀ ਮੋਦੀ ਸਰਕਾਰ ਵੱਲੋਂ ਹੁਕ ਮੰਗਦੇ ਲੋਕਾ ਉੱਪਰ ਕੀਤੇ ਜਾ ਰਹੇ ਜ਼ੁਲਮਾਂ ਨੂੰ। ਲੋਕ ਇਹ ਸਹਿਨ ਨਹੀਂ ਕਰਨਗੇ। ਸੰਯੁਕਤ ਕਿਸਾਨ ਮੋਰਚੇ ਵੱਲੋਂ ਮੋਦੀ ਸਰਕਾਰ ਵੱਲੋਂ ਲਗਾਤਾਰ ਕੀਤੇ ਜਾ ਰਹੇ ਜ਼ੁਲਮ ਜਬਰ ਦੀ ਪਰਜੋਰ ਨਿਖੇਧੀ ਕੀਤੀ ਗਈ। ਕਿਸਾਨਾਂ ਨੇ ਜੁਲਮ ਦਾ ਟਾਕਰਾ ਕਰਨ ਲਈ ਵਿਸ਼ਾਲ ਏਕਤਾ ਉਸਾਰਨ ਦਾ ਅਹਿਦ ਵੀ ਕੀਤਾ। ਮਨੁੱਖੀ ਅਧਿਕਾਰ ਦਿਵਸ ਸਬੰਧੀ ਮੋਦੀ ਸਰਕਾਰ ਦੇ ਜੁਲਮਾਂ ਦੀ ਹਿਟਲਰ ਦੇ ਜੁਲਮਾਂ ਨਾਲ ਤੁਲਨਾ ਕੀਤੀ ਅਤੇ ਚਿਤਾਵਨੀ ਦਿੱਤੀ ਕਿ ਜ਼ੁਲਮ ਹੀ ਹਾਕਮ ਦੇ ਅਸਲੀ ਵੈਰੀ ਹੁੰਦੇ ਹਨ ਇਸ ਲਈ ਮੋਦੀ ਨੂੰ ਦੁਖੀ ਲੋਕਾਂ ਦੀ ਗੱਲ ਸੁਣਨੀ ਚਾਹੀਦੀ ਹੈ।ਕਿਸਾਨਾਂ ਮਜ਼ਦੂਰਾਂ ਦੇ ਮਸਲੇ ਬਿਨਾ ਦੇਰੀ ਹੱਲ ਕਰਨੇ ਚਾਹੀਦੇ ਹਨ।

# ਯੁਵਕ ਸੇਵਾਵਾਂ ਕਲੱਬ ਨੇ ਨਸ਼ਿਆਂ ਵਿਰੁੱਧ ਕਰਵਾਇਆ ਜਾਗਰੂਕਤਾ ਸੈਮੀਨਾਰ





ਫਗਵਾੜਾ ( ਸੁਸ਼ੀਲ ਸ਼ਰਮਾ ) ਯੁਵਕ ਸੇਵਾਵਾਂ ਕਲੱਬ ਫਗਵਾੜਾ ਵੱਲੋਂ ਨਸ਼ਿਆਂ ਵਿਰੁੱਧ ਜਾਗਰੂਕਤਾ ਅਭਿਆਨ ਤਹਿਤ ਪਿੰਡ ਸਪਰੋੜ ਦੇ ਜੰਜ ਘਰ ਵਿਖੇ ਇਕ ਸੈਮੀਨਾਰ ਕਲੱਬ ਦੇ ਪ੍ਰਧਾਨ ਜਸ਼ਨਪ੍ਰੀਤ ਦੀ ਅਗਵਾਈ ਅਤੇ ਚੇਅਰਮੈਨ ਸੁਖਵਿੰਦਰ ਸਿੰਘ ਦੀ ਸਰਪ੍ਰਸਤੀ ਹੇਠ ਕਰਵਾਇਆ ਗਿਆ। ਜਿਸ ਵਿੱਚ ਮੁੱਖ ਮਹਿਮਾਨ ਦੇ ਤੌਰ 'ਤੇ ਮਨਦੀਪ ਸਿੰਘ ਨਾਇਬ ਤਹਿਸੀਲਦਾਰ ਫਗਵਾੜਾ ਸ਼ਾਮਲ ਹੋਏ। ਸਮਾਗਮ ਦੀ ਪ੍ਰਧਾਨਗੀ ਦਵਿੰਦਰ ਸਿੰਘ ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਵਿਭਾਗ ਕਪੂਰਥਲਾ ਨੇ ਕੀਤੀ। ਇਸ ਮੌਕੇ ਸੰਬੋਧਨ ਕਰਦਿਆਂ ਨਾਇਬ ਤਹਿਸੀਲਦਾਰ ਮਨਦੀਪ ਸਿੰਘ ਨੇ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ ਵਿਚੋਂ ਕੱਢਣ ਲਈ ਖੇਡਾਂ ਅਤੇ ਸਭਿਆਚਾਰਕ ਸਰਗਰਮੀਆਂ ਵੱਲ ਉਹਨਾਂ ਦੀ ਦਿਲਚਸਪੀ ਵਧਾਉਣ ਦੇ ਯਤਨ ਕਰਨ ਦੀ ਲੋੜ ਹੈ। ਜਿਹੜੇ ਨੌਜਵਾਨ ਨਸ਼ਿਆਂ 'ਚ ਲੱਗ ਚੁੱਕੇ ਹਨ, ਉਹਨਾਂ ਦੇ ਇਲਾਜ ਦੇ ਨਾਲ ਹੀ ਅਜਿਹੇ ਨੌਜਵਾਨਾਂ ਨੂੰ ਸਮਾਜਿਕ ਤੇ ਪਰਿਵਾਰਕ ਸਹਿਯੋਗ ਜਰੂਰੀ ਹੈ ਜੋ ਕਿ ਵਧੇਰਾ ਲਾਭਦਾਇਕ ਸਾਬਤ ਹੋ ਸਕਦਾ ਹੈ। ਉਹਨਾਂ ਨੇ ਨੌਜਵਾਨਾਂ ਨੂੰ ਹੱਥੀਂ ਕਿਰਤ ਕਰਨ ਅਤੇ ਹੱਥੀ ਕਿੱਤਾ ਸਿਖਣ 'ਤੇ ਜ਼ੋਰ ਦਿਤਾ। ਸਹਾਇਕ ਡਾਇਰੈਕਟਰ ਦਵਿੰਦਰ ਸਿੰਘ ਨੇ ਕਿਹਾ ਕੇ ਪੰਜਾਬ ਸਰਕਾਰ ਨੌਜਵਾਨਾਂ ਦੀ ਭਲਾਈ ਲਈ ਯਤਨਸ਼ੀਲ ਹੈ ਅਤੇ ਨੌਜਵਾਨਾਂ ਨੂੰ ਖੇਡਾਂ ਵਲ ਵਿਸ਼ੇਸ਼ ਤੌਰ ਤੇ ਸੇਧ ਦੇਣ ਲਈ ਯੁਵਕ ਕਲੱਬਾਂ ਦਾ ਗਠਨ ਕੀਤਾ ਜਾ ਰਿਹਾ ਹੈ। ਉਹਨਾਂ ਦੱਸਿਆ ਕਿ ਯੁਵਕ ਸੇਵਾਵਾਂ ਵਿਭਾਗ ਵਲੋਂ ਏਡਜ ਅਤੇ ਨਸ਼ਿਆਂ ਦੇ ਖਿਲਾਫ਼ ਨੌਜਵਾਨਾਂ ਨੂੰ ਜਾਗਰੂਕ ਕੀਤਾ ਜਾਂਦਾ ਹੈ। ਉਹਨਾਂ ਨੂੰ ਵੱਖੋਂ ਵੱਖਰੀਆਂ ਥਾਵਾਂ ਦੇ ਟੂਰ 'ਤੇ ਲੈ ਜਾਣ ਲਈ ਉਤਸ਼ਾਹਤ ਕੀਤਾ ਜਾਂਦਾ ਹੈ ਤਾਂ ਕਿ ਉਹ ਮੁਖ ਧਾਰਾ ਨਾਲ ਜੁੜਨ ਅਤੇ ਦੇਸ਼ ਸੇਵਾ 'ਚ ਹਿੱਸਾ ਪਾਉਣ। ਇਸ ਸਮਾਗਮ ਵਿਚ ਹੰਸਰਾਜ ਐੱਸ.ਪੀ ਕਸਟਮ ਵਿਭਾਗ ਦਿੱਲੀ, ਤਵਿੰਦਰ ਰਾਮ ਚੇਅਰਮੈਨ ਮਾਰਕੀਟ ਕਮੇਟੀ, ਡਾ. ਸੰਜੀਵ ਲੋਚਨ ਮਾਨਸਿਕ ਰੋਗਾਂ ਦੇ ਮਾਹਿਰ ਸਿਵਲ ਹਸਪਤਾਲ ਫਗਵਾੜਾ, ਜਤਿੰਦਰ ਸਿੰਘ ਕੁੰਦੀ ਇੰਟਰਨੈਸ਼ਨਲ ਡਾਇਰੈਕਟਰ ਅਲਾਇੰਸ ਕਲੱਬ, ਸੁਖਜੀਵਨ ਕੌਰ ਸਰਪੰਚ ਸਪਰੋੜ ਨੇ ਵੀ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ। ਹੰਸ ਰਾਜ ਐੱਸ.ਪੀ ਕਸਟਮ ਨੇ ਇਕ ਗੀਤ 'ਨਸ਼ਿਆਂ ਨੇ ਦੁਨੀਆਂ ਨੂੰ ਚੱਕਰਾਂ ਚ ਪਾ ਲਿਆ' ਦੀ ਪ੍ਰਭਾਵਸ਼ਾਲੀ ਪੇਸ਼ਕਾਰੀ ਵੀ ਦਿੱਤੀ। ਇਸ ਮੌਕੇ ਗੌਰਮਿੰਟ ਸਕੂਲ ਆਫ਼ ਐਮਿਨੈਂਸ (ਲੜਕੇ) ਦੇ ਵਿਦਿਆਰਥੀਆਂ ਦੀ ਮੋਬਾਈਲ ਤੇ ਕੋਰਿਓਗ੍ਰਾਫੀ ਖਿੱਚ ਦਾ ਕੇਂਦਰ ਰਹੀ। ਪੰਜਾਬੀ ਗਾਇਕ ਨਿਰਮਲਜੀਤ ਨੇ ਆਪਣਾ ਗੀਤ 'ਲੱਗੀ ਨਜ਼ਰ ਪੰਜਾਬ ਨੂੰ, ਕੋਈ ਮਿਰਚਾਂ ਵਾਰ ਦਿਓ' ਨਾਲ ਕਾਫੀ ਵਾਹ -ਵਾਹੀ ਖੱਟੀ। ਸਟੇਜ ਦੀ ਸੇਵਾ ਰਵਿੰਦਰ ਸਿੰਘ ਰਾਏ ਨੇ ਬਾਖ਼ੂਬੀ ਨਿਭਾਈ। ਸੈਮੀਨਾਰ ਵਿੱਚ ਆਏ ਹੋਏ ਮੁੱਖ ਮਹਿਮਾਨ ਅਤੇ ਪਤਵੰਤੇ, ਸੱਜਣਾਂ ਨੂੰ ਦੁਸ਼ਾਲੇ ਅਤੇ ਸਨਮਾਨ ਚਿੰਨ੍ਹ ਭੇਂਟ ਕਰਕੇ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਜਸ਼ਨ ਗਿੱਲ ਸਟੈਨੋ ਯੁਵਕ ਸੇਵਾਵਾਂ ਵਿਭਾਗ ਕਪੂਰਥਲਾ, ਸਕੱਤਰ ਮਨਦੀਪ ਸਿੰਘ ਬਾਸੀ, ਮੈਡਮ ਤਨੁ ਜੁਆਇੰਟ ਸਕੱਤਰ, ਮੈਡਮ ਸਪਨਾ ਸ਼ਾਰਦਾ, ਜੁਆਇੰਟ ਕੈਸ਼ੀਅਰ, ਕਵੀ ਸੁਖਦੇਵ ਗੰਡਵਾਂ, ਮਨੋਜ ਫਗਵਾੜਵੀ, ਚੰਦਨ ਰਾਏ, ਦਵਿੰਦਰ ਸਿੰਘ ਪੰਚ, ਧਰਮਪਾਲ ਪੰਚ, ਕਸ਼ਮੀਰੀ ਲਾਲ ਪੰਚ, ਗੁਰਦੀਪ ਕੌਰ ਪੰਚ, ਰਣਜੋਧ ਸਿੰਘ ਪੰਚ, ਕੁਲਦੀਪ ਰਾਮ ਸਾਬਕਾ ਸਰਪੰਚ, ਬਲਜੀਤ ਸਿੰਘ ਲੰਬੜਦਾਰ, ਆਰ.ਪੀ ਸ਼ਰਮਾ, ਨਰਿੰਦਰ ਸੈਣੀ, ਗੁਰਸ਼ਰਨ ਬਾਸੀ, ਸਾਹਿਬਜੀਤ ਸਾਬੀ, ਜਗਜੀਤ ਸੇਠ, ਰਾਕੇਸ਼ ਕੋਛੜ, ਅਸ਼ੋਕ ਸ਼ਰਮਾ, ਜੋਯਤੀ ਰਾਣੀ, ਅੰਜਲੀ, ਮੀਨਾਕਸ਼ੀ, ਪ੍ਰਿਆ, ਮੁਸਕਾਨ, ਪ੍ਰਭਜੋਤ, ਖੁਸ਼ੀ ਰਾਣਾ, ਅੰਜਨਾ, ਕਾਜਲ, ਅੰਜਲੀ ਹੀਰ, ਆਰਤੀ, ਮਮਤਾ, ਹਰਮਨਪ੍ਰੀਤ ਕੌਰ, ਕੁਲਵੰਤ ਸਿੰਘ, ਕੁਲਜੀਤ ਸਿੰਘ, ਗੁਰਪ੍ਰੀਤ ਸਿੰਘ,ਗੁਰਕੰਵਲ ਸਿੰਘ, ਸ਼ੀਲੂ ਆਦਿ ਹਾਜ਼ਰ ਸਨ।

# 78 ਹਜ਼ਾਰ ਡਰੱਗ ਮਨੀ ਤੇ 30 ਕਿਲੋ ਭੁੱਕੀ ਸਮੇਤ 2 ਵਿਅਕਤੀ ਕਾਬੂ



ਸ਼ੇਰਪੁਰ, (ਲੋਕ ਬਾਣੀ) -ਪੁਲਿਸ ਜਿ[illegible]ਲਾ ਸੰਗਰੂਰ ਦੇ ਸੀਨੀਅਰ ਪੁਲਿਸ ਕਪਤਾਨ ਸਰਤਾਜ ਸਿੰਘ ਚਾਹਲ ਵੱਲੋਂ ਨਸਿ[illegible]ਆ ਖਿਲਾਫ ਛੇੜੀਂ ਗਈ ਮੁਹਿੰਮ ਤਹਿਤ ਥਾਣਾ ਸ਼ੇਰਪੁਰ ਦੇ ਮੁੱਖੀ ਇੰਸਪੈਕਟਰ ਬਲਵੰਤ ਸਿੰਘ ਬਲਿੰਗ ਦੀ ਅਗਵਾਈ ਵਿਚ ਸਹਾਇਕ ਥਾਣੇਦਾਰ ਗੁਰਪਾਲ ਸਿੰਘ ਨੇ 2 ਵਿਅਕਤੀਆਂ ਪਾਸੋਂ 30 ਕਿਲੋ ਭੁੱਕੀ ਅਤੇ 78 ਹਜ਼ਾਰ ਰੁਪਏ ਡਰੱਗ ਮਨੀ ਬਰਾਮਦ ਕਰਨ ਵਿਚ ਸਫਲਤਾ ਪ੍ਰਾਪਤ ਕਰਨ ਦਾ ਦਾਅਵਾ ਕੀਤਾ ਹੈ।ਥਾਣਾ ਮੁੱਖੀ ਇੰਸਪੈਕਟਰ ਬਲਵੰਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਗੁਰਦੀਪ ਸਿੰਘ ਪੁੱਤਰ ਗੁਰਚਰਨ ਸਿੰਘ ਵਾਸੀ ਖੇੜੀ ਕਲਾਂ ਅਤੇ ਬੱਬਲੂ ਸਿੰਘ ਪੁੱਤਰ ਗੁਰਬਖਸ ਸਿੰਘ ਵਾਸੀ ਹੇੜੀਕੇ ਹਾਲ ਅਬਾਦ ਨੋਸਹਿਰਾ ਮਾਲੇਰਕੋਟਲਾ ਇੱਕ ਟਰੱਕ ਵਿੱਚ ਕੇਲਿਆਂ ਦੇ ਵੱਡੇ-ਵੱਡੇ ਪੱਤਿਆਂ ਥੱਲੇ ਭੁੱਕੀ ਲੁਕੋ ਕੇ ਲਿਆ ਰਹੇ ਸਨ । ਜਿਸਤੇ ਥਾਣਾਂ ਸ਼ੇਰਪੁਰ ਦੀ ਪੁਲਿਸ ਨੇ ਕਾਰਵਾਈ ਕਰਦਿਆਂ ਟਰੱਕ ਵਿਚੋ ਭੁੱਕੀ ਅਤੇ 78 ਹਜ਼ਾਰ ਰੁਪਏ ਨਗਦੀ ਬਰਾਮਦ ਕਰਕੇ ਦੋਵਾਂ ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਅਤੇ ਐਨ.ਡੀ.ਪੀ.ਐਸ ਐਕਟ ਅਧੀਨ ਮਾਮਲਾ ਦਰਜ਼ ਕਰਕੇ ਅਗਲੀ ਕਾਰਵਾਈ ਸੁਰੂ ਕਰ ਦਿੱਤੀ ਹੈ।

# ਤਹਿਸੀਲ ਖਰੜ ਦੇ ਪਿੰਡਾਂ ਵਿਚੋ ਕੱਢੀ ਜਾਣ ਵਾਲੀ ਦਸਮੇਸ਼ ਨਹਿਰ ਕੇ ਸਰਵੇ ਦਾ ਕੀਤਾ ਪਿੰਡਾਂ ਵਲੋ ਵਿਰੋਧ



ਖਰੜ, (ਕਾਲਾ ਸਿੰਘ ਸੈਣੀ )-ਤਹਿਸੀਲ ਖਰੜ ਦੇ ਵੱਖ ਵੱਖ ਪਿੰਡਾਂ ਵਿਚੋ ਸਰਕਾਰ ਵਲੋਂ ਕੱਢੀ ਜਾਣ ਵਾਲੀ 'ਦਸਮੇਸ਼ ਨਹਿਰ' ਦੇ ਕੀਤੇ ਜਾ ਸਰਵੇ ਦੇ ਵਿਰੋਧ ਵਿਚ ਪਿੰਡ ਰੁੜਕੀ ਪੁਖਤਾ ਵਿਖੇ ਸਾਬਕਾ ਸਰਪੰਚ ਅਮਰਜੀਤ ਸਿੰਘ ਦੀ ਰਹਿਨੁਮਾਈ ਹੇਠ ਮੀਟਿੰਗ ਹੋਈ। ਇਸ ਮੀਟਿੰਗ ਵਿਚ ਰੁੜਕੀ ਪੁਖਤਾ, ਸਿੰਬਲਮਾਜਰਾ, ਪੀਰ ਸੁਹਾਣਾ,ਹਸਨਪੁਰ ਸਮੇਤ ਹੋਰ ਪਿੰਡਾਂ ਦੇ ਕਿਸਾਨਾਂ ਅਤੇ ਪ੍ਰਭਾਵਿਤ ਹੋਣ ਵਾਲੇ ਜਾਇਦਾਦ ਦੇ ਮਾਲਕਾਂ ਵਲੋਂ ਸ਼ਮੂਲੀਅਤ ਕੀਤੀ ਅਤੇ ਸਮੂਹ ਵਸਨੀਕਾਂ ਵਲੋਂ ਸਰਕਾਰ ਵਲੋਂ ਇਸ ਨਹਿਰ ਦੀ ਖੁਦਾਈ ਨੂੰ ਮੁੱਢੋ ਹੀ ਰੱਦ ਕਰ ਦਿੱਤਾ ਗਿਆ। ਮੀਟਿੰਗ ਨੂੰ ਸੰਬੋਧਨ ਕਰਦਿਆ ਵੱਖ ਵੱਖ ਬੁਲਾਰਿਆਂ ਨੇ ਇਸ ਨਹਿਰ ਦੀ ਖੁਦਾਈ ਸਬੰਧੀ ਖੱਦਸ਼ਾ ਪ੍ਰਗਟ ਕਰਦਿਆ ਕਿਹਾ ਕਿ ਇਸ ਨਾਲ ਇਲਾਕੇ ਦੇ ਬਹੁਤ ਮਾੜਾ ਪ੍ਰਭਾਵ ਪਵੇਗਾ। ਉਨਾਂ ਕਿਹਾ ਕਿ ਇਸ ਤੋਂ ਪਹਿਲਾਂ ਵੀ ਸਰਵੇ ਕੀਤਾ ਗਿਆ ਸੀ ਪਰ ਨਹਿਰ ਦੀ ਉਸਾਰੀ ਸਰਕਾਰਾਂ ਵਲੋਂ ਨਹੀਂ ਕਰਵਾਈ ਗਈ। ਉਨਾਂ ਕਿਹਾ ਕਿ ਪਿੰਡ ਰੁੜਕੀ ਪੁਖਤਾ ਪਹਿਲਾਂ ਹੀ ਪਾਣੀ ਦੀ ਮਾਰ ਹੇਠ ਹੈ ਤੇ ਪਿੰਡ ਦੀ ਬਹੁਤ ਸਾਰੇ ਜ਼ਮੀਨ ਪਹਿਲਾਂ ਹੀ ਹਾਈਵੇਅ ਵਿਚ ਪ੍ਰਾਪਤ ਕੀਤੀ ਜਾ ਚੁੱਕੀ ਹੈ, ਪਿੰਡ ਪੀਰ ਸੋਹਾਣਾ ਦੇ ਇੱਕ ਪਾਸੇ ਰੇਲਵੇ ਲਾਈਨ ਤੇ ਦੂਸਰੇ ਪਾਸੇ ਨਦੀ ਹੈ ਅਤੇ ਇਹ ਪਿੰਡ ਨਗਰ ਕੌਂਸਲ ਖਰੜ ਦੀ ਹਦੂਦ ਅੰਦਰ ਆਉਣ ਕਾਰਨ ਸ਼ਹਿਰੀ ਖੇਤਰ ਵਿਚ ਸ਼ਾਮਲ ਹੋ ਚੁਕਿਆ ਹੈ ਅਤੇ ਆਉਣ ਵਾਲੇ ਸਮੇਂ ਵੀ ਰੁੜਕੀ ਪੁਖਤਾ ਵੀ ਸ਼ਹਿਰੀ ਖੇਤਰ ਵਿਚ ਸ਼ਾਮਲ ਹੋਣ ਦੀ ਉਮੀਦ ਹੈ। ਉਨਾਂ ਕਿਹਾ ਕਿ ਜਿਸ ਦਿਨ ਦਾ ਸਰਕਾਰ ਵਲੋਂ ਸਰਵੇ ਸ਼ੁਰੂ ਕੀਤਾ ਗਿਆ ਹੈ ਉਸੇ ਦਿਨ ਤੋਂ ਪਹਿਲਾਂ ਵਿਚ ਸਹਿਮ ਦਾ ਮਾਹੌਲ ਹੈ ਅਤੇ ਮੁੱਢ ਤੋਂ ਹੀ ਇਸਦਾ ਵਿਰੋਧ ਕੀਤਾ ਅਤੇ ਸਰਕਾਰ ਤੋਂ ਮੰਗ ਕੀਤੀ ਕਿ ਇਸ ਪ੍ਰੋਜੈਕਟ ਨੂੰ ਇਸ ਖੇਤਰ ਵਿਚੋ ਕੱਢਣ ਲਈ ਰੋਕ ਲਗਾਈ ਜਾਵੇ। ਉਨਾਂ ਸਰਕਾਰ ਨੂੰ ਚਿਤਾਵਨੀ ਦਿੱਤੀ ਕਿ ਜੇਕਰ ਸਰਕਾਰ ਵਲੋਂ ਇਹ ਨਹਿਰ ਕੱਢੀ ਤਾਂ ਇਸਦਾ ਪਿੰਡਾਂ ਵਲੋਂ ਸਖਤ ਵਿਰੋਧ ਕੀਤਾ ਜਾਵੇਗਾ।

ਮੀਟਿੰਗ ਵਿਚ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਆਗੂ ਜਸਪਾਲ ਸਿੰਘ ਨਿਆਮੀਆਂ, ਪ੍ਰਿਤਪਾਲ ਸਿੰਘ, ਮਲਾਗਰ ਸਿੰਘ, ਗੁਰਦੀਪ ਸਿੰਘ, ਕੁਲਵੀਰ ਸਿੰਘ, ਜਗਦੀਪ ਸਿੰਘ, ਮਹਿੰਦਰਪਾਲ ਸਿੰਘ, ਜੋਧ ਸਿੰਘ, ਹਰਵਿੰਦਰ ਸਿੰਘ, ਪਰਮਜੀਤ ਸਿੰਘ, ਗੁਰਮੇਲ ਸਿੰਘ,ਹਰਜੀਤ ਸਿੰਘ ਬਸੋਤਾ, ਸੁਰਿੰਦਰ ਸਿੰਘ, ਸਤਨਾਮ ਸਿੰਘ, ਕੁਲਵੰਤ ਸਿੰਘ, ਹਰਿੰਦਰ ਸਿੰਘ, ਜੀਵਨਜੋਤ ਸਿੰਘ, ਪਰਵਿੰਦਰ ਸਿੰਘ ਸਰਪੰਚ,ਸੁਖਵਿੰਦਰ ਸਿੰਘ,ਕਰਮ ਸਿੰਘ, ਬਿੱਟੂ,ਦਰਸ਼ਨ ਸਿੰਘ,ਜਗਤਾਰ ਸਿੰਘ ਸਮੇਤ ਵੱਡੀ ਗਿਣਤੀ ਵਿਚ ਪਿੰਡਾਂ ਦੇ ਵਸਨੀਕ ਅਤੇ ਕਿਸਾਨ ਹਾਜ਼ਰ ਸਨ।

# ਨਗਰ ਪੰਚਾਇਤ ਘੜੂੰਆਂ ਲਈ ਪਾਰਟੀ ਵਲੋਂ ਸਾਫ ਸੁਥਰੇ ਉਮੀਦਵਾਰ ਚੋਣ ਮੈਦਾਨ ਵਿਚ ਉਤਾਰੇ ਜਾਣਗੇ: ਕਰਨ ਸਿੰਘ ਡੀ.ਟੀ.ਓ




ਖਰੜ, (ਕਾਲਾ ਸਿੰਘ ਸੈਣੀ )-ਸ੍ਰੋਮਣੀ ਅਕਾਲੀ ਦਲ ਵਲੋਂ ਨਗਰ ਪੰਚਾਇਤ ਘੜੂੰਆਂ ਦੀ ਚੋਣ ਵਿਚ ਪਾਰਟੀ ਵਲੋਂ ਉਮੀਦਵਾਰ ਖੜੇ ਕਰਨ ਲਈ ਘੜੂੰਆਂ ਵਿਖੇ ਸ੍ਰੋਮਣੀ ਅਕਾਲੀ ਦਲ ਦੇ ਵਿਧਾਨ ਸਭਾ ਹਲਕਾ ਸ੍ਰੀ ਚਮਕੌਰ ਸਾਹਿਬ ਦੇ ਮੁੱਖ ਸੇਵਾਦਾਰ ਕਰਨ ਸਿੰਘ ਡੀ.ਟੀ.ਓ. ਅਤੇ ਜਿਲਾ ਪ੍ਰਧਾਨ ਚਰਨਜੀਤ ਸਿੰਘ ਕਾਲੇਵਾਲ ਦੀ ਰਹਿਨੁਮਾਈ ਵਿਚ ਮੀਟਿੰਗ ਹੋਈ। ਮੀਟਿੰਗ ਉਪਰੰਤ ਕਰਨ ਸਿੰਘ ਦਸਿਆ ਕਿ ਇਸ ਮੀਟਿੰਗ ਵਿੱਚ ਨਗਰ ਪੰਚਾਇਤ ਘੜੂੰਆਂ ਦੀ ਚੋਣ ਲਈ ਵੱਖ-ਵੱਖ ਵਾਰਡਾਂ ਤੋਂ ਉਮੀਦਵਾਰ ਚੋਣ ਮੈਦਾਨ ਵਿੱਚ ਸਾਫ ਸੁਥਰੇ ਉਮੀਦਵਾਰਾਂ ਚੋਣ ਮੈਦਾਨ ਵਿਚ ਉਤਾਰੇ ਜਾਣਗੇ। ਉਨਾਂ ਦਸਿਆ ਕਿ ਉਮੀਦਵਾਰਾਂ ਦੀ ਚੋਣ ਕਰਨ ਲਈ ਅੱਜ ਮੀਟਿੰਗ ਵਿਚ ਵਿਚਾਰਾਂ ਕੀਤੀਆਂ ਗਈਆਂ ਹਨ। ਮੀਟਿੰਗ ਵਿੱਚ ਕੁਲਵੰਤ ਸਿੰਘ ਤ੍ਰਿਪੜੀ ਜਥੇਬੰਦਕ ਸਕੱਤਰ ਸ਼੍ਰੋਮਣੀ ਅਕਾਲੀ ਦਲ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਮਲਕੀਤ ਸਿੰਘ ਥੇੜੀ, ਐਡਵੋਕੇਟ ਰਵਿੰਦਰ ਸਿੰਘ ਸੈਪਲਾਂ ਸੀਨੀਅਰ ਮੀਤ ਪ੍ਰਧਾਨ ਲੀਗਲ ਸੈਲ ਸ੍ਰੋਮਣੀ ਅਕਾਲੀ ਦਲ, ਬਹਾਦਰ ਸਿੰਘ ਬਡਮਾਜਰਾ, ਰਵਿੰਦਰ ਸਿੰਘ ਰਵੀ ਸਾਬਕਾ ਸਰਪੰਚ ਮਦਨਹੇੜੀ, ਤਲਵਿੰਦਰ ਸਿੰਘ, ਅਮਰਜੀਤ ਸਿੰਘ, ਸਰਬਜੀਤ ਸਿੰਘ, ਤੇ ਇਕਬਾਲ ਸਿੰਘ ਸਮੇਤ ਹੋਰ ਸਮਰੱਥਕ ਹਾਜ਼ਰ ਸਨ।

# ਕੋਈ ਮਰੇ ਕੋਈ ਜੀਵੇ ਸੁਥਰਾ ਘੋਲ ਪਤਾਸੇ ਪੀਵੇ

## ਨਗਰ ਨਿਗਮ ਦਾ ਸੀਵਰੇਜ ਤੇ ਵਾਟਰ ਸਪਲਾਈ ਵਿਭਾਗ ਹੋਇਆ ਨਿਕੰਮਾ



ਫ਼ਗਵਾੜਾ (ਸੁਸ਼ੀਲ ਸ਼ਰਮਾ) ਨਗਰ ਨਿਗਮ ਦੇ ਸੀਵਰੇਜ ਅਤੇ ਵਾਟਰ ਸਪਲਾਈ ਵਿਭਾਗ ਲੋਕਾਂ ਦੀਆਂ ਜਿਆਦਾਤਰ ਸ਼ਿਕਾਇਤਾਂ ਨੂੰ ਹੱਲ ਕਰਨ ਵਿੱਚ ਨਿਕੰਮਾ ਸਾਬਿਤ ਹੋ ਰਿਹਾ ਹੈ। ਸ਼ਹਿਰ ਦੀਆਂ 85 ਵਾਰਡਾਂ ਦੇ ਹਜ਼ਾਰਾਂ ਇਲਾਕਿਆਂ ਵਿੱਚ ਸ਼ਹਿਰ ਵਾਸੀਆਂ ਨੂੰ ਸਭ ਤੋਂ ਜਿਆਦਾ ਮੁਸ਼ਕਿਲਾਂ ਬੰਦ ਸੀਵਰੇਜ ਅਤੇ ਦੂਸ਼ਿਤ ਪਾਣੀ ਦੀ ਸਪਲਾਈ ਦੀਆਂ ਆ ਰਹੀਆਂ ਹਨ। ਉੱਚ ਅਧਿਕਾਰੀਆਂ ਨੂੰ ਸ਼ਿਕਾਇਤਾਂ ਦਰਜ ਕਰਾਉਣ ਦੇ ਬਾਵਜੂਦ ਵੀ 15 ਦਿਨ ਤੋਂ ਇੱਕ ਇੱਕ ਮਹੀਨੇ ਤੱਕ ਵੀ ਮੁਸ਼ਕਿਲ ਦਾ ਹੱਲ ਨਹੀਂ ਕੀਤਾ ਜਾ ਰਿਹਾ ਹੈ।

ਮਜੀਠਾ ਰੋਡ ਸਥਿਤ ਇੰਦਰਾ ਕਲੋਨੀ ਦੇ ਵਿੱਚ ਅਕਸਰ ਸੀਵਰੇਜ ਬੰਦ ਦੀਆਂ ਮੁਸ਼ਕਿਲਾਂ ਦੇ ਚੱਲਦਿਆਂ ਲੋਕ ਕਾਫੀ ਦੁਖੀ ਨਜ਼ਰ ਆ ਰਹੇ ਹਨ। ਕੁਝ ਮਹੀਨੇ ਪਹਿਲਾਂ ਵੀ ਇੰਦਰਾ ਕਲੋਨੀ ਵਿੱਚ ਸੀਵਰੇਜ ਬੰਦ ਹੋਣ ਅਤੇ ਘਰਾਂ ਵਿੱਚ ਦੂਸ਼ਿਤ ਪਾਣੀ ਦੀ ਸਪਲਾਈ ਦੇ ਚੱਲਦਿਆਂ ਲੋਕਾਂ ਨੂੰ ਉਲਟੀ,ਦਸਤ,ਬੁਖਾਰ ਦੀਆਂ ਬਿਮਾਰੀਆਂ ਦਾ ਸਾਹਮਣਾ ਕਰਨਾ ਪਿਆ ਸੀ। ਜਿਸ ਦੌਰਾਨ ਮਾਸੂਮ ਲੜਕੀ ਦੀ ਮੌਤ ਵੀ ਹੋ ਗਈ ਸੀ। ਹੁਣ ਫਿਰ ਦੁਬਾਰਾ ਸੀਵਰੇਜ ਜਾਮ ਹੋਣ ਕਰਕੇ ਗੰਦਾ ਤੇ ਬਦਬੂਦਾਰ ਪਾਣੀ ਘਰਾਂ ਦੇ ਅੰਦਰ ਇਕੱਠਾ ਹੋ ਰਿਹਾ ਹੈ। ਸੀਵਰੇਜ ਬੰਦ ਹੋਣ ਦੇ ਨਾਲ ਘਰਾਂ ਚ ਪੀਣ ਯੋਗ ਪਾਣੀ ਦੀ ਸਪਲਾਈ ਵੀ ਬਦਬੂਦਾਰ ਆਉਣੀ ਸ਼ੁਰੂ ਹੋ ਚੁੱਕੀ ਹੈ। ਇਲਾਕਾ ਨਿਵਾਸੀ ਅਸ਼ੋਕ ਕੁਮਾਰ,ਰਤਨ ਚੰਦ, ਵਿਨੋਦ ਕੁਮਾਰ,ਅਮਨ ਵਿਜੇ ਕੁਮਾਰ,ਸ਼ੈਲੀ,ਰਵੀ ਕੁਮਾਰ, ਬੇਬੀ,ਨਿਰਮਲਾ,ਕ੍ਰਿਸ਼ਨਾ ਕੁਮਾਰੀ,ਗੁਰਨਾਮ ਸਿੰਘ ਨੇ ਗੱਲਬਾਤ ਦੌਰਾਨ ਦੱਸਿਆ ਕਿ ਕੋਈ ਮਰੇ ਕੋਈ ਜੀਵੇ ਸੁਥਰਾ ਘੋਲ ਪਤਾਸੇ ਪੀਵੇ ਕਹਾਵਤ ਦੀ ਤਰ੍ਹਾਂ ਜਨਤਾ ਮੁਸ਼ਕਿਲਾਂ ਦੇ ਨਾਲ ਪਰੇਸ਼ਾਨ ਹੋ ਰਹੀ ਹੈ। ਪਰ ਕੋਈ ਰਾਜਨੀਤਿਕ ਨੇਤਾ ਜਾਂ ਨਿਗਮ ਅਧਿਕਾਰੀ ਜਨਤਾ ਦੀ ਸਾਰ ਨਹੀਂ ਲੈ ਰਹੇ ਹਨ। ਚੋਣਾਂ ਦੇ ਦੌਰਾਨ ਵੱਖ-ਵੱਖ ਪਾਰਟੀਆਂ ਦੇ ਉਮੀਦਵਾਰ ਜਨਤਾ ਨੂੰ ਸਹੂਲਤਾਂ ਦੇਣ ਲਈ ਨੇਤਾ ਵੱਡੇ ਵੱਡੇ ਦਾਵੇ ਦੇ ਵਾਅਦੇ ਕਰਦੇ ਹਨ ਪਰ ਜਿੱਤ ਤੋਂ ਬਾਅਦ ਤੂੰ ਕੌਣ ਮੈਂ ਕੌਣ ਵਾਲੀ ਸਥਿਤੀ ਪੈਦਾ ਹੋ ਜਾਂਦੀ ਹੈ। ਸੀਵਰੇਜ ਸਾਫ ਕਰਨ ਲਈ ਅਗਰ ਕੋਈ ਕਰਮਚਾਰੀ ਆ ਹੀ ਜਾਂਦਾ ਹੈ ਤਾਂ ਉਹ ਸੀਵਰੇਜ ਸਫਾਈ ਦਾ ਕੰਮ ਕਰਨ ਲਈ ਪੈਸਿਆਂ ਤੋਂ ਘੱਟ ਗੱਲ ਨਹੀਂ ਕਰਦਾ ਹੈ।

ਸਮਾਜ ਸੇਵਿਕਾ ਲਵਲੀਨ ਵੜੈਚ ਨੇ ਕਿਹਾ ਕਿ ਇੰਦਰਾ ਕਲੋਨੀ ਵਿੱਚ ਸੀਵਰੇਜ ਅਤੇ ਦੂਸ਼ਿਤ ਪਾਣੀ ਦੀ ਸਪਲਾਈ ਦਾ ਹੱਲ ਨਾ ਕੀਤਾ ਗਿਆ ਤਾਂ ਨਗਰ ਨਿਗਮ ਚੋਣਾਂ ਦਾ ਬਾਈਕਾਟ ਕਰਦੇ ਹੋਏ ਨੇਤਾਵਾਂ ਅਤੇ ਅਧਿਕਾਰੀਆਂ ਦੇ ਖਿਲਾਫ ਰੋਸ ਪ੍ਰਦਰਸ਼ਨ ਕਰਦਿਆਂ ਪਿੱਟ ਸਿਆਪਾ ਕੀਤਾ ਜਾਵੇਗਾ। ਉਹਨਾਂ ਨੇ ਦੱਸਿਆ ਕਿ ਵਿਭਾਗ ਦੇ ਐਸੀ ਸੰਦੀਪ ਸਿੰਘ ਨੂੰ ਕਈ ਦਿਨ ਪਹਿਲਾਂ ਵੱਖ ਵੱਖ ਇਲਾਕਿਆਂ ਵਿੱਚ ਸੀਵਰੇਜ ਦੀਆਂ ਮੁਸ਼ਕਿਲਾਂ ਨੂੰ ਲੈ ਕੇ ਲਿਖਤ ਤੌਰ ਤੇ ਸੂਚਿਤ ਵੀ ਕੀਤਾ ਗਿਆ ਸੀ। ਜਿਨ੍ਹਾਂ ਵੱਲੋਂ ਐਕਸ਼ਨ ਮਨਜੀਤ ਸਿੰਘ ਦੀ ਡਿਊਟੀ ਲਗਾਈ ਗਈ ਸੀ। ਪਰ ਸੀਵਰੇਜ ਦੀਆਂ ਮੁਸ਼ਕਿਲਾਂ ਦਾ ਹੱਲ ਨਹੀਂ ਕੀਤਾ ਗਿਆ ਹੈ।

# ਐਸਬੀਆਈ ਕਾਰਡ ਨੇ 2 ਕਰੋੜ ਕਾਰਡ ਇਨ ਫੋਰਸ ਦਾ ਮੀਲ ਪੱਥਰ ਪਾਰ ਕੀਤਾ

ਅੰਮ੍ਰਿਤਸਰ (ਲੋਕ ਬਾਣੀ): ਐਸਬੀਆਈ ਕਾਰਡ, ਭਾਰਤ ਦਾ ਸਭ ਤੋਂ ਵੱਡਾ ਖਾਲਸਾ-ਖੇਡ ਕਰੈਡਿਟ ਕਾਰਡ ਜਾਰੀ ਕਰਨ ਵਾਲਾ, 2 ਕਰੋੜ ਕਾਰਡ ਇਨ ਫੋਰਸ ਮੀਲ ਪੱਥਰ ਪਾਰ ਕਰ ਚੁੱਕਾ ਹੈ। ਇਹ ਪੂਰੇ ਦੇਸ਼ ਵਿੱਚ ਨਵੀਂ ਹੱਲਾਂ ਪ੍ਰਦਾਨ ਕਰਨ ਅਤੇ ਗ੍ਰਾਹਕ ਅਨੁਭਵਾਂ ਨੂੰ ਬਿਹਤਰ ਬਣਾਉਣ ਦੇ ਪ੍ਰਤੀਬੱਧਤਾ ਨੂੰ ਰੋਸ਼ਨ ਕਰਦਾ ਹੈ। ਇਹ ਸਫਲਤਾ ਐਸਬੀਆਈ ਕਾਰਡ ਦੀ ਭਾਰਤ ਦੇ ਕਰੈਡਿਟ ਕਾਰਡ ਖੇਤਰ ਨੂੰ ਬਦਲਣ ਵਿੱਚ ਮਹੱਤਵਪੂਰਨ ਭੂਮਿਕਾ ਅਤੇ ਡਿਜੀਟਲ ਭਾਰਤ ਦੀ ਕਰੰਸੀ ਦੇ ਵਾਅਦੇ ਨੂੰ ਵੀ ਦਰਸਾਉਂਦੀ ਹੈ।1998 ਵਿੱਚ ਸਥਾਪਨਾ ਤੋਂ ਬਾਅਦ, ਐਸਬੀਆਈ ਕਾਰਡ ਵੱਖ-ਵੱਖ ਗ੍ਰਾਹਕ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਵਿਆਪਕ ਉਤਪਾਦ ਬਣਾਉਣ ਵਿੱਚ ਅਗਵਾਈ ਕਰ ਰਿਹਾ ਹੈ। ਸੋਚਣ ਵਾਲੇ ਕੋਰ ਕਾਰਡਾਂ ਤੋਂ, ਪ੍ਰੀਮੀਅਮ ਬ੍ਰਾਂਡਾਂ ਦੇ ਨਾਲ ਸਾਂਝੇਦਾਰੀ ਕਾਰਡਾਂ ਤੱਕ, ਰਿਵਾਰਡ-ਕੇਂਦਰਤ ਅਤੇ ਜੀਵਨ ਸ਼ੈਲੀ-ਕੇਂਦਰਤ ਪੇਸ਼ਕਸ਼ਾਂ ਤੱਕ, ਐਸਬੀਆਈ ਕਾਰਡ ਨੇ ਭਾਰਤੀ ਕਰੈਡਿਟ ਕਾਰਡ ਉਦਯੋਗ ਵਿੱਚ ਗ੍ਰਾਹਕ-ਕੇਂਦਰਤ ਨਵੀਂਤਾ ਲਈ ਨਵੇਂ ਮਿਆਰ ਸਥਾਪਿਤ ਕੀਤੇ ਹਨ ਅਤੇ ਮਾਰਕੀਟ ਵਿੱਚ ਆਪਣੀ ਆਗੂਤਾ ਨੂੰ ਮਜ਼ਬੂਤ ਕੀਤਾ ਹੈ। ਇਸ ਸਫਲਤਾ ਤੇ ਟਿੱਪਣੀ ਕਰਦਿਆਂ, ਐਸਬੀਆਈ ਕਾਰਡ ਦੇ ਐਮਡੀ ਅਤੇ ਸੀਈਓ ਅਭਿਜੀਤ ਚੱਕਰਵਰਤੀ ਨੇ ਕਿਹਾ ਕਿ ਐਸਬੀਆਈ ਕਾਰਡ ਬ੍ਰਾਂਡ ਮੈਕ ਲਾਈਫ ਸਿੰਪਲ ਦੇ ਮੂਲ ਪ੍ਰਸਤਾਵ ਤੇ ਅਧਾਰਿਤ ਹੈ। 2 ਕਰੋੜ ਕਾਰਡ ਇਨ ਫੋਰਸ ਮੀਲ ਪੱਥਰ ਪਾਰ ਕਰਨਾ ਸਾਡੇ ਗ੍ਰਾਹਕਾਂ ਦੁਆਰਾ ਸਾਨੂੰ ਦਿੱਤੇ ਗਏ ਭਰੋਸੇ ਅਤੇ ਵਿਸ਼ਵਾਸ ਦਾ ਸਬੂਤ ਹੈ। ਇਹ ਨਵੀਂਤਾ, ਉੱਚ ਗ੍ਰਾਹਕ ਸੇਵਾ, ਅਤੇ ਹਰ ਭਾਰਤੀ ਨੂੰ ਸੁਖਦ, ਸੁਰੱਖਿਅਤ ਅਤੇ ਰਿਵਾਰਡਿੰਗ ਭੁਗਤਾਨ ਹੱਲਾਂ ਨਾਲ ਸ਼ਕਤੀਸ਼ਾਲੀ ਬਣਾਉਣ ਦੇ ਸਾਡੇ ਦ੍ਰਿਸ਼ਟੀਕੋਣ ਨੂੰ ਦਰਸਾਉਂਦਾ ਹੈ। ਸਾਡੇ ਗ੍ਰਾਹਕ ਪਟਲੇ ਦੀ ਵਧ ਰਹੀ ਜ਼ਰੂਰਤਾਂ ਨੂੰ ਪੂਰਾ ਕਰਦੇ ਹੋਏ ਅਸੀਂ ਉਨ੍ਹਾਂ ਨੂੰ ਬੇਮਿਸਾਲ ਮੁੱਲ ਪ੍ਰਦਾਨ ਕਰਨ ਲਈ ਬੱਝੇ ਰਹਾਂਗੇ।

# ਮਨੁੱਖੀ ਅਧਿਕਾਰ ਦਿਵਸ ਦੇ ਮੌਕੇ ਤੇ ਜਮਹੂਰੀ ਅਧਿਕਾਰ ਸਭਾ ਪੰਜਾਬ , ਤਰਕਸ਼ੀਲ ਸੋਸਾਇਟੀ ਪੰਜਾਬ ਤੇ ਜਨਤਕ ਜੱਥੇਬੰਦੀਆਂ ਨੇ ਕਨਵੈਸ਼ਨ ਕਰਕੇ ਜਮਹੂਰੀ ਅਧਿਕਾਰਾਂ ਦੀਆਂ ਹੋ ਰਹੀਆਂ ਉਲੰਘਣਾਵਾਂ ਉੱਤੇ ਚਿੰਤਾ ਪ੍ਰਗਟਾਈ

ਗੁਰਦਾਸਪੁਰ –ਨਵਨੀਤ ਕੁਮਾਰ –
ਮਨੁੱਖੀ ਅਧਿਕਾਰ ਦਿਵਸ ਦੇ ਮੌਕੇ ਤੇ ਰਾਮ ਸਿੰਘ ਦੱਤ ਹਾਲ ਗੁਰਦਾਸਪੁਰ ਵਿੱਚ ਜਮਹੂਰੀ ਅਧਿਕਾਰ ਸਭਾ ਪੰਜਾਬ ਜ਼ਿਲ੍ਹਾ ਗੁਰਦਾਸਪੁਰ , ਤਰਕਸ਼ੀਲ ਸੋਸਾਇਟੀ ਪੰਜਾਬ ਜ਼ਿਲ੍ਹਾ ਗੁਰਦਾਸਪੁਰ ਅਤੇ ਜਨਤਕ ਜੱਥੇਬੰਦੀਆਂ ਨੇ ਕਨਵੈਸ਼ਨ ਕੀਤੀ ਅਤੇ ਜਮਹੂਰੀ ਅਧਿਕਾਰਾਂ ਦੀਆਂ ਹੈ ਰਹੀਆਂ ਉਲੰਘਣਾਵਾਂ ਉੱਤੇ ਚਿੰਤਾ ਪਰਗਟ ਕੀਤੀ।ਇਸ ਕਨਵੇਂਸ਼ਨ ਨੂੰ ਜਮਹੂਰੀ ਅਧਿਕਾਰ ਸਭਾ ਦੇ ਸੂਬਾ ਸਕੱਤਰੇਤ ਮੈਂਬਰ ਅਮਰਜੀਤ ਸ਼ਾਸਤਰੀ, ਤਰਕਸ਼ੀਲ ਸੋਸਾਇਟੀ ਦੇ ਜ਼ਿਲ੍ਹਾ ਪ੍ਰਧਾਨ ਤਰਲੋਚਨ ਸਿੰਘ, ਸੰਦੀਪ ਕੁਮਾਰ ਧਾਰੀਵਾਲ ਮੋਜਾਂ ਕਿਰਤੀ ਕਿਸਾਨ ਯੂਨੀਅਨ ਦੇ ਤਰਲੋਕ ਸਿੰਘ ਬਹਿਰਾਮਪੁਰ ,ਜਮਹੂਰੀ ਕਿਸਾਨ ਸਭਾ ਦੇ ਆਗੂ ਅਜੀਤ ਸਿੰਘ ਹੁੰਦਲ, ਕਿਰਤੀ ਕਿਸਾਨ ਯੂਨੀਅਨ ਪੰਜਾਬ ਦੇ ਸੁਰਿੰਦਰ ਸਿੰਘ ਕੋਠੇ , ਡੈਮੋਕਰੇਟਿਕ ਮੁਲਾਜਮ ਫਰੰਟ ਦੇ ਬਲਵਿੰਦਰ ਕੌਰ , ਗੁਰਵਿੰਦਰ ਸਿੰਘ ਭਾਰਤੀ ਕਿਸਾਨ ਯੂਨੀਅਨ ਡਕੌਂਦਾ,ਪੰਜਾਬ ਸਟੂਡੈਂਟਸ ਯੂਨੀਅਨ ਦੇ ਆਗੂ ਅਮਰ ਕਰਾਂਤੀ, ਕ੍ਰਾਂਤੀਕਾਰੀ ਪੇਂਡੂ ਮਜਦੂਰ ਯੂਨੀਅਨ ਦੇ ਸੰਜੀਵ ਮਿੰਟੂ , ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਦੇ ਅਸ਼ੋਕ ਭਾਰਤੀ, ਕੇਂਦਰੀ ਪੰਜਾਬੀ ਲੇਖਕ ਸਭਾ ਦੇ ਆਗੂ ਮੱਖਣ ਸਿੰਘ ਕੋਹਾੜ, ਕਰਾਂਤੀਕਾਰੀ ਕਿਸਾਨ ਯੂਨੀਅਨ ਦੇ ਆਗੂ ਰਾਜ ਗੁਰਵਿੰਦਰ ਸਿੰਘ ਲਾਡੀ, ਸੀਟੂ ਦੇ ਧਿਆਨ ਸਿੰਘ ਠਾਕੁਰ, ਪੰਜਾਬ ਕਿਸਾਨ ਯੂਨੀਅਨ ਦੇ ਆਗੂ ਸੁਖਦੇਵ ਸਿੰਘ ਭਾਗੋਕਾਂਵਾ , ਇਫਟੂ ਦੇ ਆਗੂ ਜੋਗਿੰਦਰ ਪਾਲ ਪਨਿਆੜ, ਪੰਜਾਬ ਰੈਡੀਕਲ ਸਟੂਡੈਂਟਸ ਯੂਨੀਅਨ ਦੇ ਆਗੂ ਗੁਰਵਿੰਦਰ ਸਿੰਘ ਪੇਂਡੂ ਮਜ਼ਦੂਰ ਯੂਨੀਅਨ ਦੇ ਆਗੂ ਮੇਜਰ ਸਿੰਘ, ਜੋਗਿੰਦਰ ਪਾਲ ਘਰਾਲਾ ਅਤੇ ਜਮਹੂਰੀ ਅਧਿਕਾਰ ਸਭਾ ਗੁਰਦਾਸਪੁਰ ਦੇ ਪ੍ਰਧਾਨ ਡਾਕਟਰ ਜਗਜੀਵਨ ਲਾਲ ਆਦਿ ਨੇ ਸੰਬੋਧਨ ਕੀਤਾ। ਬੁਲਾਰਿਆਂ ਨੇ ਕਿਹਾ ਕਿ ਵਿਸ਼ਵ ਪੱਧਰ ਉਤੇ ਮਨੁੱਖੀ ਅਧਿਕਾਰਾਂ ਦੀਆਂ ਉਲੰਘਣਾਵਾਂ ਹੋ ਰਹੀਆਂ ਹਨ।ਫਲਸਤੀਨੀ ਲੋਕਾਂ ਦਾ ਇਜ਼ਰਾਈਲ ਵਲੋਂ ਲਗਾਤਾਰ ਕਤਲੇਆਮ ਵਿਸ਼ੇਸ਼ ਕਰਕੇ ਬੱਚਿਆਂ ਦਾ ਕਤਲੇਆਮ ,ਭਾਰਤ ਵਿਚ ਮਣੀਪੁਰ ਵਿਚ ਕੁਕੀ ਤੇ ਮਤੇਈ ਭਾਈਚਾਰਿਆਂ ਦਰਮਿਆਨ ਖ਼ੂਨੀ ਲੜਾਈ,ਹੱਕ ਮੰਗਦੇ ਕਿਸਾਨਾਂ ਉੱਤੇ ਹਰਿਆਣਾ ਅਤੇ ਪੰਜਾਬ ਪੁਲਿਸ ਵੱਲੋਂ ਕੀਤਾ ਜਾ ਰਿਹਾ ਵਹਿਸ਼ੀ ਤਸ਼ਦਦ , ਘੱਟ ਗਿਣਤੀਆਂ ਦੇ ਧਾਰਮਿਕ ਸਥਾਨਾਂ ਨੂੰ ਨਿਸ਼ਾਨਾ ਬਣਾਉਣਾ ,ਲੋਕਾਂ ਦੇ ਲਿਖਣ ਬੋਲਣ ਤੇ ਵਿਚਾਰ ਪਰਗਟ ਕਰਨ ਦੀ ਆਜ਼ਾਦੀ ਉੱਤੇ ਪਾਬੰਦੀਆਂ ਕੁਝ ਅਹਿਮ ਮਿਸਾਲਾਂ ਹਨ।ਉਹਨਾਂ ਇਹ ਵੀ ਕਿਹਾ ਕਿ ਭਾਰਤੀ ਹਕੂਮਤ ਦੀ ਸ਼ਹਿ ਪ੍ਰਾਪਤ ਹਜੂਮ ਘਟ ਗਿਣਤੀ ਭਾਈਚਾਰਿਆਂ ਨੂੰ ਖਾਣ ਪੀਣ,ਕਪੜੇ ਪਾਉਣ ਵਿਆਹਾਂ ਚ ਦਖਲਅੰਦਾਜੀ, ਧਾਰਮਿਕ ਅਕੀਦਿਆਂ ਨੂੰ ਨਿਸ਼ਾਨਾ ਬਣਾਉਣ ਦੀਆਂ ਨਿੰਦਣਯੋਗ ਕਾਰਵਾਈਆਂ ਕਰ ਰਹੇ ਹਨ ਅਤੇ ਹਕੂਮਤ ਇਸ ਪ੍ਰਤੀ ਖਾਮੋਸ਼ ਬੈਠੀ ਦੇਖਦੀ ਰਹਿੰਦੀ ਹੈ।

ਬੁਲਾਰਿਆਂ ਨੇ ਨਵੇਂ ਅਪਰਾਧਿਕ ਕਾਨੂੰਨਾਂ ਨੂੰ ਤਾਨਾਸ਼ਾਹ ਪੁਲਿਸ ਰਾਜ ਵੱਲ ਵਧਣ ਵਾਲੇ ਅਤੇ ਸੰਵਿਧਾਨ ਚ ਦਰਜ ਨਾਗਰਿਕ ਅਧਿਕਾਰਾਂ ਨੂੰ ਕਤਲ ਕਰਨ ਵਾਲੇ ਕਿਹਾ ਤੇ ਫੌਰਨ ਵਾਪਿਸ ਲੈਣ ਦੀ ਮੰਗ ਕੀਤੀ।ਬੁਲਾਰਿਆਂ ਨੇ ਕਿਰਤ ਕੋਡਾਂ ਨੂੰ ਵੀ ਮਜਦੂਰਾਂ ਦੇ ਅਧਿਕਾਰ ਖੋਹਣ ਵਾਲੇ ਗਰਦਾਨਿਆ। ਬੁਲਾਰਿਆਂ ਨੇ ਅਹਿਦ ਕੀਤਾ ਕਿ ਜੋ ਅਧਿਕਾਰ ਸਾਡੇ ਪੁਰਖਿਆਂ ਨੇ ਕੁਰਬਾਨੀਆਂ ਦੇਕੇ ਹਾਸਿਲ ਕੀਤੇ ਹਨ, ਉਹਨਾਂ ਦੀ ਰਾਖੀ ਲਈ ਲੰਬਾ ਸੰਘਰਸ਼ ਵਿੱਢਣਗੇ ।ਸਟੇਜ ਸਕੱਤਰ ਦੇ ਫਰਜ਼ ਅਸ਼ਵਨੀ ਕੁਮਾਰ ਜਿਲ੍ਹਾ ਸਕੱਤਰ ਜਮਹੂਰੀ ਅਧਿਕਾਰ ਸਭਾ ਗੁਰਦਾਸਪੁਰ ਨੇ ਨਿਭਾਏ ਤੇ ਸਾਰੀਆਂ ਜਥੇਬੰਦੀਆਂ ਤੇ ਪਹੁੰਚੇ ਸਾਥੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਪੰਜਾਬ ਦੇ ਹਰ ਜ਼ਿਲ੍ਹੇ ਪੱਧਰ ਉਤੇ ਇਸ ਦਿਨ ਅਧਿਕਾਰਾਂ ਦੀ ਰਾਖੀ ਲਈ ਸਾਂਝੀ ਆਵਾਜ਼ ਉਠਾਉਣਾ ਇਹ ਸੰਦੇਸ਼ ਦਿੰਦਾ ਹੈ ਕਿ ਪੰਜਾਬ ਦੇ ਲੋਕ ਜਮਹੂਰੀ ਅਧਿਕਾਰਾਂ ਦੀ ਉਲੰਘਣਾਵਾਂ ਬਰਦਾਸ਼ਤ ਨਹੀਂ ਕਰਨਗੇ ।

ਕਨਵੈਨਸ਼ਨ ਵੱਲੋਂ ਪਾਸ ਕੀਤੇ ਮਤਿਆਂ ਰਾਹੀਂ ਸੁਪਰੀਮ ਕੋਰਟ ਅਤੇ ਮੋਦੀ ਸਰਕਾਰ ਤੋਂ ਜ਼ੋਰਦਾਰ ਮੰਗ ਕੀਤੀ ਗਈ ਕਿ ਯੂਏਪੀਏ, ਐਫਸਪਾ, ਐਨਐਸਏ ਸਮੇਤ ਤਿੰਨ ਫੌਜਦਾਰੀ ਕਾਲੇ ਕਾਨੂੰਨ ਰੱਦ ਕੀਤੇ ਜਾਣ, ਸਿਆਸੀ ਵਿਰੋਧੀਆਂ ਦੇ ਖਿਲਾਫ ਐਨਆਈਏ, ਸੀਬੀਆਈ ਅਤੇ ਈਡੀ ਜਾਂਚ ਏਜੰਸੀਆਂ ਦੀ ਦੁਰਵਰਤੋਂ ਤੁਰੰਤ ਰੋਕੀ ਜਾਵੇ ਅਤੇ ਝੂਠੇ ਕੇਸਾਂ ਹੇਠ ਜੇਲ੍ਹਾਂ ਵਿਚ ਨਜਰਬੰਦ ਸਾਰੇ ਸਮਾਜਿਕ ਕਾਰਕੁਨਾਂ ਅਤੇ ਸਜ਼ਾਵਾਂ ਪੂਰੀਆਂ ਕਰ ਚੁੱਕੇ ਸਾਰੇ ਕੈਦੀਆਂ ਨੂੰ ਬਿਨਾਂ ਸ਼ਰਤ ਰਿਹਾ ਕੀਤਾ ਜਾਵੇ।



ਮਜ਼ਦੂਰ ਵਿਰੋਧੀ ਕਾਨੂੰਨ ਵਾਪਸ ਲਏ ਜਾਣ।ਇਜ਼ਰਾਈਲ ਸਰਕਾਰ ਵੱਲੋਂ ਹਵਾਈ ਹਮਲਿਆਂ ਰਾਹੀਂ ਫਲਸਤੀਨ ਦੇ ਲੋਕਾਂ ਦੀ ਕੀਤੀ ਜਾ ਰਹੀ ਨਸਲਕੁਸ਼ੀ ਬੰਦ ਕੀਤੀ ਜਾਵੇ।ਇਸਦੇ ਇਲਾਵਾ ਆਪਣੀਆਂ ਜਮਹੂਰੀ ਮੰਗਾਂ ਲਈ ਸਾਮਰਾਜੀ ਨੀਤੀਆਂ ਦਾ ਵਿਰੋਧ ਕਰਦੀਆਂ ਕਿਸਾਨ ਜਥੇਬੰਦੀਆਂ ਉੱਤੇ ਹਕੂਮਤੀ ਜ਼ਬਰ ਅਤੇ ਪਾਬੰਦੀਆਂ ਦਾ ਸਖ਼ਤ ਵਿਰੋਧ ਕੀਤਾ ਗਿਆ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਕਪੂਰ ਸਿੰਘ ਘੁੰਮਣ, ਸੰਜੀਵ ਕੁਮਾਰ ਬਹਿਰਾਮਪੁਰ, ਰੂਪ ਲਾਲ, ਰਣਜੀਤ ਸਿੰਘ , ਹਰਭਜਨ ਸਿੰਘ ਮਾਂਗਟ , ਅਮਰਜੀਤ ਸਿੰਘ ਮਨੀ, ਗੁਰਮੀਤ ਸਿੰਘ ਪਾਹੜਾ, ਗੁਰਦਿਆਲ ਸਿੰਘ ਬਾਲਾ ਪਿੰਡੀ, ਸੰਸਾਰ ਸਿੰਘ ਭੋਲਾ, ਪਲਵਿੰਦਰ ਸਿੰਘ ਘਰਾਲਾ ਆਦਿ ਵੀ ਹਾਜ਼ਰ ਸਨ।

# ਡੀ.ਏ.ਵੀ ਇੰਟਰਨੈਸ਼ਨਲ ਸਕੂਲ ਵਿਖੇ 12ਵੀਂ ਜਮਾਤ ਦੇ ਵਿਦਿਆਰਥੀਆਂ ਲਈ ਕਰੀਅਰ ਗਾਈਡੈਂਸ ਤੇ ਸੈਮੀਨਾਰ ਦਾ ਆਯੋਜਨ

ਅੰਮ੍ਰਿਤਸਰ (ਲੋਕ ਬਾਣੀ)- ਡੀ.ਏ. ਵੀ ਇੰਟਰਨੈਸ਼ਨਲ ਸਕੂਲ ਵਿਖੇ 12ਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਉਚੇਰੀ ਸਿੱਖਿਆ ਅਤੇ ਕਾਰੋਬਾਰ ਅਤੇ ਜ਼ਿੰਦਗੀ ਦੀ ਸ਼ੁਰੂਆਤ ਦੀ ਚੋਣ ਬਾਰੇ ਜਾਗਰੂਕ ਕਰਨ ਲਈ ਪਿ੍ੰਸੀਪਲ ਡਾ. ਅੰਜਨਾ ਗੁਪਤਾ ਦੀ ਪ੍ਰਧਾਨਗੀ ਹੇਠ ਸੈਮੀਨਾਰ ਕਰਵਾਇਆ ਗਿਆ ।ਇਸ ਮੌਕੇ ਡੀ.ਏ. ਵੀ. ਕਾਲਜ ਅੰਮ੍ਰਿਤਸਰ ਦੇ ਪ੍ਰਿੰਸੀਪਲ ਡਾ.ਅਮਰਦੀਪ ਗੁਪਤਾ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਪ੍ਰੋ: ਡਾ.ਜੇ. ਜੇ. ਮਹਿੰਦਰਾ, ਡਾ.ਕਿਰਨ ਖੰਨਾ, ਡਾ.ਨੀਰਜ ਗੁਪਤਾ, ਡਾ.ਸ਼ਵੇਤਾ ਕਪੂਰ ਅਤੇ ਡਾ.ਨੀਰਜਾ ਨੇ ਵਿਦਿਆਰਥੀਆਂ ਦਾ ਮਾਰਗਦਰਸ਼ਨ ਕੀਤਾ ।



ਵਿਸ਼ਾ ਮਾਹਿਰਾਂ ਨੇ ਸਕੂਲ ਦੇ 12ਵੀਂ ਜਮਾਤ ਦੇ 300 ਦੇ ਕਰੀਬ ਵਿਦਿਆਰਥੀਆਂ ਨੂੰ ਦੱਸਿਆ ਕਿ 12ਵੀਂ ਜਮਾਤ ਵਿਦਿਆਰਥੀਆਂ ਦੇ ਜੀਵਨ ਵਿੱਚ ਵੱਡੀ ਤਬਦੀਲੀ ਦਾ ਸਮਾਂ ਹੈ। ਇਹ ਉਹ ਮਹੱਤਵਪੂਰਨ ਪਲ ਹੁੰਦਾ ਹੈ ਜਦੋਂ ਵਿਦਿਆਰਥੀ ਆਪਣੇ ਭਵਿੱਖ ਦੀ ਦਿਸ਼ਾ ਚੁਣਦੇ ਹਨ। ਇਹ ਚੋਣ ਬਹੁਤ ਸੋਚ-ਸਮਝ ਕੇ ਅਤੇ ਉਪਲਬਧ ਮੌਕਿਆਂ ਬਾਰੇ ਜਾਣਕਾਰੀ ਲੈਣ ਅਤੇ ਆਪਣੇ ਦਿਲ ਦੀ ਆਵਾਜ਼ ਸੁਣ ਕੇ ਕੀਤੀ ਜਾਣੀ ਚਾਹੀਦੀ ਹੈ। ਭਾਰਤੀ ਰੇਲਵੇ, ਵੈੱਬ ਡਿਜ਼ਾਈਨਿੰਗ, ਪੱਤਰਕਾਰੀ, ਫਿਲਮ ਮੇਕਿੰਗ, ਗ੍ਰਾਫਿਕ ਡਿਜ਼ਾਈਨਿੰਗ, ਮਨੁੱਖੀ ਸਰੋਤ ਪ੍ਰਬੰਧਨ ਅਤੇ ਹੋਰ ਬਹੁਤ ਸਾਰੇ ਅਜਿਹੇ ਖੇਤਰ ਹਨ ਜਿੱਥੇ ਉਹ ਆਪਣਾ ਭਵਿੱਖ ਬਣਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਅੰਮ੍ਰਿਤਸਰ ਦੇ ਡੀ.ਏ.ਵੀ. ਕਾਲਜ ਲੜਕਿਆਂ ਅਤੇ ਲੜਕੀਆਂ ਨੂੰ ਇੱਕੋ ਜਿਹੇ ਵਿਸ਼ਿਆਂ ਦੀ ਇੱਕ ਵਿਸ਼ਾਲ ਸ਼੍ਰੇਣੀ ਵਿੱਚ ਸ਼ਾਨਦਾਰ ਸਿੱਖਿਆ ਪ੍ਰਦਾਨ ਕਰਦਾ ਹੈ। ਹਰ ਸਾਲ ਵਿਗਿਆਨ, ਕਾਮਰਸ ਅਤੇ ਹਿਊਮੈਨਟੀਜ਼ ਦੇ ਹਰ ਖੇਤਰ ਵਿੱਚ ਬਹੁਤ ਸਾਰੇ ਵਿਦਿਆਰਥੀ ਯੂਨੀਵਰਸਿਟੀ ਦੀ ਪ੍ਰੀਖਿਆ ਵਿੱਚ ਵਧੀਆ ਪ੍ਰਦਰਸ਼ਨ ਕਰਦੇ ਹਨ ਅਤੇ ਮੈਰਿਟ ਸਥਾਨ ਪ੍ਰਾਪਤ ਕਰਦੇ ਹਨ। ਖੇਡਾਂ ਅਤੇ ਸੱਭਿਆਚਾਰਕ ਗਤੀਵਿਧੀਆਂ ਵਿੱਚ ਵਿਦਿਆਰਥੀਆਂ ਦੀਆਂ ਪ੍ਰਾਪਤੀਆਂ ਵੀ ਅਣਕਿਆਸੇ ਹਨ। ਅਰਸ਼ਪ੍ਰੀਤ ਅਤੇ ਅਭਿਸ਼ੇਕ ਸ਼ਰਮਾ ਵਰਗੇ ਕ੍ਰਿਕਟ ਖਿਡਾਰੀ ਇਸ ਕਾਲਜ ਦਾ ਯੋਗਦਾਨ ਹਨ ਅਤੇ ਦੇਸ਼ ਦਾ ਮਾਣ ਵਧਾ ਰਹੇ ਹਨ। ਸਾਰੇ ਵਿਸ਼ਾ ਮਾਹਿਰਾਂ ਨੇ ਵਿਦਿਆਰਥੀਆਂ ਵੱਲੋਂ ਪੁੱਛੇ ਸਵਾਲਾਂ ਦੇ ਢੁਕਵੇਂ ਜਵਾਬ ਦਿੱਤੇ ਅਤੇ ਉਨ੍ਹਾਂ ਦੇ ਸ਼ੰਕਿਆਂ ਦਾ ਨਿਪਟਾਰਾ ਕੀਤਾ। ਪਿ੍ੰਸੀਪਲ ਡਾ: ਅੰਜਨਾ ਗੁਪਤਾ ਨੇ ਵਿਦਿਆਰਥੀਆਂ ਨੂੰ ਅਜਿਹੀ ਮਹੱਤਵਪੂਰਨ ਜਾਣਕਾਰੀ ਦੇਣ ਲਈ ਸਾਰਿਆਂ ਦਾ ਧੰਨਵਾਦ ਕੀਤਾ ।

# ਮਾਂ ਵੀਰਾਂ ਦੇਵੀ ਸੰਗੀਤ ਤੇ ਕਲਚਰਲ ਸੁਸਾਇਟੀ ਨੇ ਸੱਭਿਆਚਾਰਕ ਸਾਮ ਮਨਾਈ

ਪਟਿਆਲਾ (ਲੋਕ ਬਾਣੀ)
ਰੂਹ ਦੀ ਖੁਰਾਕ ਗੀਤ ਸੰਗੀਤ ਅਤੇ ਮਨ ਨੂੰ ਖੁਸ਼ੀ ਦੇਣ ਵਾਲਾ ਛੋਟੇ ਛੋਟੇ ਪਿਆਰੇ ਬਚਿਆਂ ਦਾ ਖੂਬਸੂਰਤ ਅਦਾਵਾਂ ਭਰਿਆ ਡਾਂਸ ਦੇਖਣ ਨੂੰ ਮਿਲ ਜਾਵੇ ਤਾਂ ਜ਼ਿੰਦਗੀ ਦਾ ਕੁਝ ਸਮਾਂ ਸਾਨੂੰ ਖੁਸ਼ੀ ਦੇ ਜਾਂਦਾ ਹੈ । ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਕਲਾ ਪ੍ਰੇਮੀ ਦਰਸ਼ਨ ਲਾਲ ਗੋਇਲ ਨੇ ਮਾਂ ਵੀਰਾ ਦੇਵੀ ਮਿਉਜਿਕਲ ਐਂਡ ਕਲਚਰਲ ਸੁਸਾਇਟੀ ਵਲੋਂ ਭਾਸ਼ਾ ਵਿਭਾਗ ਵਿਖੇ ਆਯੋਜਿਤ ਸੱਭਿਆਚਾਰਕ ਪ੍ਰੋਗਰਾਮ ਦੀ ਪ੍ਰਧਾਨਗੀ ਕਰਦਿਆਂ ਕੀਤਾ।



ਪ੍ਰੋਗਰਾਮ ਦੀ ਸ਼ੁਰੂਆਤ ਸੁਸਾਇਟੀ ਦੇ ਪ੍ਰਬੰਧਕਾਂ ਵੱਲੋਂ ਮੂਲ ਮੰਤਰ ਪੜ੍ਹੇ ਅਤੇ ਸ਼ਮਾ ਰੋਸ਼ਨ ਨਾਲ ਕੀਤੀ ਗਈ ।

ਪ੍ਰਬੰਧਕ ਕਮੇਟੀ ਦੇ ਮੈਂਬਰਾਂ ਦਰਸ਼ਨ ਲਾਲ ਗੋਇਲ ਪ੍ਰਧਾਨ, ਭਗਵਾਨ ਦਾਸ ਗੁਪਤਾ ਪੈਟਰਨ,ਸ਼ਾਮ ਲਾਲ ਭਾਰਦਵਾਜ ਉੱਪ ਪ੍ਰਧਾਨ ਪਰਮਜੀਤ ਕੌਰ ਜਨਰਲ ਸਕੱਤਰ, ਸੰਗੀਤ ਨਿਰਦੇਸ਼ਕ ਨਰਿੰਦਰ ਅਰੋੜਾ, ਭੂਪਿੰਦਰ ਸਿੰਘ ਪੀ ਆਰ ਓ, ਮਨਜੀਤ ਕੌਰ ਕੈਸ਼ੀਅਰ, ਐਲ.ਆਰ ਗੁਪਤਾ, ਸੁਰਿੰਦਰ ਸ਼ਰਮਾਂ, ਵਿਜੇ ਖੁਰਾਨਾ, ਰੂਬੀ ਕਪੂਰ, ਸੀਮਾ ਪਾਠਕ,ਸੁਨੀਲ ਗਰਗ, ਸ਼ਲਿੰਦਰ ਪਾਲ ਧੀਮਾਨ, ਗਿਆਨ ਸਿੰਘ, ਅਸ਼ਵਨੀ ਗੋਇਲ, ਨੇ ਜਿੱਥੇ ਅਪਣੀਆਂ ਜ਼ਿੰਮੇਵਾਰੀਆਂ ਨੂੰ ਬਾਖ਼ੂਬੀ ਨਿਭਾਇਆ ਉੱਥੇ ਹੀ ਖ਼ੂਬਸੂਰਤ ਅੰਦਾਜ਼ ਵਿੱਚ ਕੋਰੇਕੇ ਸੰਗੀਤ ਤੇ ਅਧਾਰਿਤ ਗੀਤ, ਗ਼ਜ਼ਲਾਂ ਅਤੇ ਵੱਖ ਵੱਖ ਫਿਲਮੀ ਤੇ ਗੈਰ ਫਿਲਮੀ ਸੋਲੋ ਤੇ ਦੋਗਾਣਾ ਗੀਤ ਪੇਸ਼ ਕੀਤੇ। ਇਇਸ ਮੌਕੇ ਸ਼ੌਕੀਆ ਗਾਇਕਾਂ ਗੁਰਨਾਮ ਸਿੰਘ,ਆਸ਼ੀਸ਼ ਭਾਰਦਵਾਜ, ਅਨੂਸੂਈਆ ਗੁਪਤਾ, ਭਾਰਤੀ ਸ਼ਰਮਾਂ , ਰਮੇਸ਼ ਕੁਮਾਰ, ਸੰਜੇ ਦਰਦੀ ਚੋਪੜਾ, ਸੰਜੀਵ ਚੋਪੜਾ ਅਤੇ ਸੁਨੀਲ ਕੁਮਾਰ ਨੇ ਅਪਣੇ ਗੀਤਾਂ ਨਾਲ ਸਰੋਤਿਆਂ ਦਾ ਖ਼ੂਬ ਮਨੋਰੰਜਨ ਕੀਤਾ। ਛੋਟੇ ਬੱਚਿਆਂ ਵਲੋਂ ਪੰਜਾਬੀ ਗੀਤਾਂ ਤੇ ਡਾਂਸ ਕਰਕੇ ਪ੍ਰੋਗਰਾਮ ਨੂੰ ਹੋਰ ਵੀ ਖੁਸ਼ਨੁਮਾ ਬਣਾ ਦਿੱਤਾ। ਐਂਕਰ ਪਰਮਜੀਤ ਕੌਰ ਨੇ ਸਟੇਜ ਸਕੱਤਰ ਦੀ ਭੂਮਿਕਾ ਬਾਖ਼ੂਬੀ ਨਿਭਾ ਕੇ ਪ੍ਰੋਗਰਾਮ ਨੂੰ ਚਾਰ ਚੰਨ ਲਾ ਦਿੱਤੇ। ਅਖੀਰ ਵਿੱਚ ਰਾਸ਼ਟਰੀ ਗਾਨ ਨਾਲ ਪ੍ਰੋਗਰਾਮ ਦੀ ਸਮਾਪਤੀ ਕੀਤੀ ਗਈ।

ਰੋਜ਼ਾਨਾ ਲੋਕ ਬਾਣੀ
www.lokbani

SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
Ambulance Service 24hrs.
FACILITIES AVAILABLE
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgierles, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP
ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ
178, ਪੁਲਿਸ ਲਾਈਨ ਰੋਡ, ਰਣਜੀਤ ਨਗਰ, ਜਲੰਧਰ - ਇੰਡੋ ਕੈਨੇਡੀਅਨ ਬੱਸ ਦਫਤਰ ਦੇ ਨੇੜੇ
ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਤੋਂ ਮਾਨਤਾ ਪ੍ਰਾਪਤ ਭਰਤੀ ਏਜੰਸੀ | ਲਾਇਸੰਸ ਨੰ: B-1303/PUN/PER/1000+/5/9437/2018
ਦੁਬਈ, ਕੁਵੈਤ ਅਤੇ ਯੂਰਪ ਦੇ ਦੇਸ਼ਾਂ ਵਿੱਚ ਵਰਕ ਪਰਮਿਟ ਦੀ ਜਾਣਕਾਰੀ ਲਈ ਅੱਗੇ ਦਿੱਤੇ ਨੰਬਰਾਂ 'ਤੇ ਕਾਲ ਕਰੋ ਜਾਂ ਸਾਡੇ ਫੇਸਬੁੱਕ, ਇੰਸਟਾਗ੍ਰਾਮ, ਲਿੰਕਡਇਨ, ਯੂਟਿਊਬ ਅਤੇ ਟਵਿੱਟਰ ਅਕਾਊਂਟਸ ਨੂੰ ਫਾਲੋ ਕਰੋ
82880 21797
82880 21798
WWW.JSDCGROUP.COM
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow !
150+ Placements in Session 2022-23
18+ MOUs with Industries
upto 100% Scholarship Schemes*
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS
SINCE 1958
EDUCATIONAL 64 YEARS EXCELLENCE
MORE THAN
• 56 Colleges & Schools • 200 Merit Positions
• 125 Companies For Placements
• 75 Academic Courses
• 2000 Placements In 2022 - 2023
• 42000 Students From All Over India
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
• Mechanical Engg.* • Electrical Engg. • Civil Engg. • Computer Science Engg.* • Tool Engg. • B.Voc Hardware and Networking • Electronics & Comm. Engg. • Automobile Engg.
HOTEL MANAGEMENT
• B.Sc (H&HA) Hospitality and Hotel Administration • BHMCT Hotel Management & Catering Technology • BTTM Tourism and Travel Management • MHMCT Masters in Hotel Management and Catering Technology • One Year Courses (Food Production, Bakery, F&B Services, Front Office)
MANAGEMENT & COMMERCE
• MBA • BBA • B.Sc. (Cyber Security) • M.Com.(Prof.) • BCom. (Reg/Prof.)
DEGREE COURSES
• BA • B.Com. • BBA • D.C.A. • PGDCA • BCA / B.Sc. (IT)
PARAMEDICAL COURSES
• M.Pharmacy • B.Pharmacy • B. Sc. MLS • D.Pharmacy • Diploma in MLT • M.Sc MLS • Bachelor of Physiotherapy • MSC (Medical Microbiology, Biochemistry) • BSC Medical Technology - Anesthesia & Operation Theater* • BSC Operation Theater Technology* • BSC Radiology and Imaging Technology*
POLYTECHNIC DIPLOMA
IN JALANDHAR & CHABBEWAL HOSHIARPUR
• Tool & Die Making • Electronics & Comm. Engg. • Civil Engg. • Mechanical, Electrical, Computer Engg. • Automobile Engg. • Mechatronics Diploma in Polytechnic • Diploma in Architectural Assistance Ship
MEDIA & FASHION
• B.Sc. Fashion Technology • B.Sc. Mass Comm. & Journalism • B.Sc. Multimedia
INFORMATION TECHNOLOGY
• MCA • BCA • BSc.IT • PGDCA • DCA
LAW
• BA.LLB. • B.COM. LLB • BBA.LLB. • LLB
• PG DIPLOMA IN CYBER LAW
TEACHER / PHYSICAL EDUCATION
• BPES • B.Ed.• D.El.Ed.• B.P.Ed. • D.P.Ed
NURSING TRAINING
• General Nursing & Midwifery (GNM)
ARCHITECTURE
• B. Architecture
INDUSTRIAL TRAINING INSTITUTE
• Electrician • COPA • Welder • Carpenter • Plumber • Vehicle Motor Mechanic • Architecture Draftsman • Diesel Mechanic • Refrigeration & AC
PMKVY
/stsoldiergroup
www.stsoldiergroup.com
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565